ਮੁੱਖ ਸੰਪਾਦਕ



ਸੁਖਵਿੰਦਰ ਸਿੰਘ ਪਲਾਹਾ
88376-03742

ਚੜ੍ਹਦੀਕਲਾ ਵਿੱਚ ਰਹੋ

ਧੂਰੀ ਦੀ ਸਵੇਰ

# ਡੀ.ਡੀ.ਐਸ ਨਿਊਜ਼

ਸੰਪਾਦਕ ਸੁਖਵਿੰਦਰ ਸਿੰਘ ਪਲਾਹਾ     ਫੋਨ ਨੰ 88376-03742     ਧੂਰੀ दी सवेर



**ਲੋੜ ਹੈ**

ਅਦਾਰਾ ਧੂਰੀ ਦੀ ਸਵੇਰ (ਡੀ.ਡੀ.ਐਸ ਨਿਊਜ਼) ਨੂੰ ਪੰਜਾਬ ਦੇ ਹਰ ਜਿਲੇ ਵਿੱਚੋਂ ਪੱਤਰਕਾਰਾਂ ਅਤੇ ਜਿਲਾ ਇੰਚਾਰਜਾਂ ਦੀ ਜਰੂਰਤ ਹੈ।ਪੱਤਰਕਾਰ ਬਣਨ ਲਈ ਸੰਪਰਕ ਕਰੋ:-

88376-03742



ਮਿਤੀ- 11-08-2026 । ਦਿਨ- ਮੰਗਲਵਾਰ । ਸਾਲ- 4 RNI : PUNBIL/2021/91034 Email : ddssukhwinder@gmail.com ਕੀਮਤ - 5/-


## ਆਂਗਣਵਾੜੀ ਵਰਕਰਾਂ ਨੇ ਪਿੰਡ ਪੱਧਰ ’ਤੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ

### ਨਸ਼ਾ ਮੁਕਤ ਮਿੱਤਰ’ ਵਜੋਂ ਆਂਗਣਵਾੜੀ ਵਰਕਰ ਨਸ਼ਾ ਮੁਕਤ ਭਾਰਤ ਅਭਿਆਨ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਵਿੱਚ ਨਿਭਾ ਰਹੀਆਂ ਅਹਿਮ ਭੂਮਿਕਾ

ਸੰਗਰੂਰ, 10 ਅਗਸਤ (ਸੁਖਵਿੰਦਰ ਸਿੰਘ) ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਸੰਗਰੂਰ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਆਂਗਣਵਾੜੀ ਵਰਕਰਾਂ ਵੱਲੋਂ ਪਿੰਡ ਪੱਧਰ ’ਤੇ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਲਵਲੀਨ ਬੜਿੰਗ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਆਂਗਣਵਾੜੀ ਵਰਕਰਾਂ ਨੂੰ ‘ਨਸ਼ਾ ਮੁਕਤ ਮਿੱਤਰ’ ਵਜੋਂ ਸਰਗਰਮ ਕਰਦਿਆਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਮੁਹਿੰਮ ਤਹਿਤ ਆਂਗਣਵਾੜੀ ਵਰਕਰਾਂ ਵੱਲੋਂ ਆਪਣੇਆਪਣੇ ਇਲਾਕਿਆਂ ਵਿੱਚ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਨਸ਼ਿਆਂ ਦੇ ਸਰੀਰਕ, ਮਾਨਸਿਕ, ਪਰਿਵਾਰਕ ਅਤੇ ਸਮਾਜਿਕ ਜੀਵਨ ’ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ। ਲੋਕਾਂ ਨੂੰ ਸਮਝਾਇਆ ਜਾ ਰਿਹਾ ਹੈ ਕਿ ਨਸ਼ੇ ਦੀ ਆਦਤ ਵਿਅਕਤੀ ਦੀ ਸਿਹਤ ਅਤੇ ਭਵਿੱਖ ਨੂੰ ਪ੍ਰਭਾਵਿਤ ਕਰਨ ਦੇ ਨਾਲ੍ਨਾਲ ਪਰਿਵਾਰਕ ਮਾਹੌਲ ਅਤੇ ਸਮਾਜਿਕ ਜੀਵਨ ’ਤੇ ਵੀ ਗੰਭੀਰ ਮਾੜਾ ਪ੍ਰਭਾਵ ਪਾਉਂਦੀ ਹੈ।

ਆਂਗਣਵਾੜੀ ਵਰਕਰਾਂ ਵੱਲੋਂ ਮਾਪਿਆਂ ਅਤੇ ਸਮਾਜ ਦੇ ਹੋਰ ਮੈਂਬਰਾਂ ਨੂੰ ਬੱਚਿਆਂ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਸਿੱਖਿਆ, ਖੇਡਾਂ ਅਤੇ ਹੋਰ ਸਿਹਤਮੰਦ ਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਦੀ ਲੋੜ ’ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ।

ਜਾਗਰੂਕਤਾ ਮੁਹਿੰਮ ਦੌਰਾਨ ਲੋਕਾਂ ਨੂੰ ਨਸ਼ਾ ਮੁਕਤ ਭਾਰਤ ਅਭਿਆਨ ਦੀ ਟੋਲਫ੍ਰੀ ਹੈਲਪਲਾਈਨ 14446 ਬਾਰੇ ਵੀ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਅਭਿਆਨ ਦੇ ਲੋਗੋ, ਸਟਿੱਕਰਾਂ ਅਤੇ ਹੋਰ ਜਾਗਰੂਕਤਾ ਸਮੱਗਰੀ ਰਾਹੀਂ ਲੋਕਾਂ ਤੱਕ ਨਸ਼ਿਆਂ ਵਿਰੁੱਧ ਮਜ਼ਬੂਤ ਸੰਦੇਸ਼ ਪਹੁੰਚਾਇਆ ਜਾ ਰਿਹਾ ਹੈ।

ਨਸ਼ਾ ਮੁਕਤ ਭਾਰਤ ਅਭਿਆਨ ਨੂੰ ਜ਼ਮੀਨੀ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਆਂਗਣਵਾੜੀ ਵਰਕਰਾਂ ਵੱਲੋਂ ਪਿੰਡ ਪੱਧਰੀ ਜਾਗਰੂਕਤਾ ਅਤੇ ਲੋਕ ਸੰਪਰਕ ਗਤੀਵਿਧੀਆਂ ਦੇ ਨਾਲ੍ਨਾਲ ਆਨਲਾਈਨ ਮਾਧਿਅਮਾਂ ਦੀ ਵੀ ਵਰਤੋਂ ਕੀਤੀ ਜਾ ਰਹੀ ਹੈ। ਇਸ ਦੌਰਾਨ ਲੋਕਾਂ ਨੂੰ ਖੁਦ ਨਸ਼ਿਆਂ ਤੋਂ ਦੂਰ ਰਹਿਣ ਦੇ ਨਾਲ੍ਨਾਲ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ ਅਤੇ ਆਲੇ੍ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਦੇ ਖ਼ਤਰਿਆਂ ਬਾਰੇ ਜਾਗਰੂਕ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨਾ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਦਾ ਪਿੰਡ ਪੱਧਰ ’ਤੇ ਪਰਿਵਾਰਾਂ ਨਾਲ ਨਜ਼ਦੀਕੀ ਸੰਪਰਕ ਹੁੰਦਾ ਹੈ, ਜਿਸ ਕਰਕੇ ਉਹ ਨਸ਼ਾ ਮੁਕਤ ਭਾਰਤ ਅਭਿਆਨ ਦਾ ਸੰਦੇਸ਼ ਘਰ੍ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਸਮਾਜ ਦੇ ਹਰੇਕ ਵਰਗ ਦੀ ਸਰਗਰਮ ਭਾਗੀਦਾਰੀ ਨਾਲ ਹੀ ਨਸ਼ਾ ਮੁਕਤ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਉਨ੍ਹਾਂ ਆਂਗਣਵਾੜੀ ਵਰਕਰਾਂ ਵੱਲੋਂ ਕੀਤੀਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਯਤਨ ਲੋਕਾਂ ਨੂੰ ਨਸ਼ਿਆਂ ਦੇ ਖ਼ਤਰਿਆਂ ਪ੍ਰਤੀ ਸੁਚੇਤ ਕਰਨ ਦੇ ਨਾਲ੍ਨਾਲ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਨੂੰ ਹੋਰ ਮਜ਼ਬੂਤ ਕਰ ਰਹੇ ਹਨ।





## ਚੀਫ ਮੈਡੀਸਨਜ਼ ਫਰਮ ਦੇ ਉਦਘਾਟਨ ਮੌਕੇ ਬਾਪੂ ਇੰਦਰਜੀਤ ਸਿੰਘ ਮੁੰਡੇ ਦਾ ਵਿਸ਼ੇਸ਼ ਸਨਮਾਨ

ਮਾਲੇਰਕੋਟਲਾ 10 ਅਗਸਤ (ਪ੍ਰਵੀਨ ਕੁਮਾਰ) ਇਲਾਕੇ ਵਿੱਚ ਸਿਹਤ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਚੀਫ ਮੈਡੀਸਨਜ਼ ਫਰਮ ਦੇ ਨਵੇਂ ਮੈਡੀਕਲ ਸਟੋਰ ਦਾ ਉਦਘਾਟਨ ਬਾਪੂ ਇੰਦਰਜੀਤ ਸਿੰਘ ਮੁੰਡੇ ਐੱਮ। ਡੀ। ਕੇ। ਐੱਸ ਗਰੁੱਪ ਮਲੇਰਕੋਟਲਾ ਵੱਲੋਂ ਕੀਤਾ ਗਿਆ। ਇਸ ਮੌਕੇ ਮੈਡੀਕਲ ਫਰਮ ਦੇ ਮਾਲਕ ਅਨਿਲ ਕੁਮਾਰ ਵੱਲੋਂ ਉਦਘਾਟਨੀ ਸਮਾਗਮ ਵਿੱਚ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਕਰਕੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

ਸਮਾਗਮ ਦੌਰਾਨ ਬਾਪੂ ਇੰਦਰਜੀਤ ਸਿੰਘ ਮੁੰਡੇ ਨੂੰ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਡੇਰਾ ਇਮਾਮਗੜ੍ਹ ਸਮਾਧਾਂ ਦੇ ਮੁੱਖ ਸੇਵਾਦਾਰ ਮਹੰਤ ਹਰਪਾਲ ਦਾਸ ਜੀ, ਵੀਰਇੰਦਰਪਾਲ ਸਿੰਘ ਮਟਕਣ ਅਤੇ ਕਰਨੈਲ ਸਿੰਘ ਦਸਮੇਸ਼ ਕੰਬਾਈਨ ਵਾਲਿਆਂ ਦਾ ਵੀ ਮਾਲਕ ਅਨਿਲ ਕੁਮਾਰ ਵੱਲੋਂ ਸਿਰੋਪਾਓ ਅਤੇ ਯਾਦਗਾਰੀ ਸਨਮਾਨ ਦੇ ਕੇ ਸਵਾਗਤ ਕੀਤਾ ਗਿਆ।

ਇਸ ਮੌਕੇ ਬਾਪੂ ਇੰਦਰਜੀਤ ਸਿੰਘ ਮੁੰਡੇ ਨੇ ਕਿਹਾ ਕਿ ਕਿਸੇ ਵੀ ਨਵੇਂ ਕਾਰੋਬਾਰ ਦੀ ਸ਼ੁਰੂਆਤ ਇਲਾਕੇ ਲਈ ਖ਼ੁਸ਼ੀ ਦੀ ਗੱਲ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮੈਡੀਕਲ ਸਟੋਰ ਰਾਹੀਂ ਲੋਕਾਂ ਨੂੰ ਲੋੜੀਂਦੀਆਂ ਦਵਾਈਆਂ ਉਪਲਬਧ ਕਰਵਾਉਣ ਦੇ ਨਾਲ੍ਨਾਲ ਮੈਡੀਕਲ ਸੇਵਾਵਾਂ ਨੂੰ ਸੁਚੱਜੇ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਾਇਤਾ ਮਿਲੇਗੀ। ਉਨ੍ਹਾਂ ਫਰਮ ਦੇ ਮਾਲਕ ਅਨਿਲ ਕੁਮਾਰ ਨੂੰ ਨਵੇਂ ਕਾਰੋਬਾਰ ਦੀ ਸ਼ੁਰੂਆਤ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਾਰੋਬਾਰ ਵਿੱਚ ਤਰੱਕੀ ਦੀ ਕਾਮਨਾ ਕੀਤੀ।

ਸਮਾਗਮ ਵਿੱਚ ਕਰਮ ਸਿੰਘ ਮੁੰਡੇ, ਡਾਇਰੈਕਟਰ ਕੇ।ਐਸ। ਗਰੁੱਪ, ਨਿਰਮਲ ਸਿੰਘ ਮੁੰਡੇ, ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਪੰਜਾਬ ਦੇ ਪ੍ਰਧਾਨ ਜਸਵੀਰ ਸਿੰਘ ਜੱਸੀ ਸਮੇਤ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਤਵੰਤੇ ਹਾਜ਼ਰ ਸਨ।

ਇਸ ਮੌਕੇ ਹਾਜ਼ਰ ਮਹਿਮਾਨਾਂ ਨੇ ਵੀ ਅਨਿਲ ਕੁਮਾਰ ਨੂੰ ਨਵੀਂ ਮੈਡੀਕਲ ਫਰਮ ਦੀ ਸ਼ੁਰੂਆਤ ’ਤੇ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਇਹ ਸੰਸਥਾ ਲੋਕਾਂ ਨੂੰ ਮਿਆਰੀ ਅਤੇ ਭਰੋਸੇਯੋਗ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਸਮਾਗਮ ਦੌਰਾਨ ਆਪਸੀ ਭਾਈਚਾਰੇ ਅਤੇ ਸਾਂਝ ਦਾ ਸੁਨੇਹਾ ਵੀ ਦਿੱਤਾ ਗਿਆ।



## ਮਾਤਾ ਚਿੰਤਪੁਰਨੀ ਨਵੀ ਲੰਗਰ ਕਮੇਟੀ ਗਿੱਦੜਬਾਹਾ ਵੱਲੋਂ ਸ਼ਹਿਰ ਵਿੱਚ ਸੋਭਾ ਯਾਤਰਾ ਕੱਢੀ ਗਈ

ਗਿੱਦੜਬਾਹਾ 10 ਅਗਸਤ (ਸੰਜੀਵ ਗਰਗ) ਮਾਤਾ ਚਿੰਤਪੁਰਨੀ ਨਵੀ ਲੰਗਰ ਕਮੇਟੀ ਗਿੱਦੜਬਾਹਾ ਵੱਲੋਂ ਅੱਜ ਮਾ ਚਿੰਤਪੁਰਨੀ ਨਵੀ ਲੰਗਰ ਕਮੇਟੀ ਗਿੱਦੜਬਾਹਾ ਵੱਲੋਂ ਮਾਤਾ ਚਿੰਤਪੁਰਨੀ ਦੇ ਦਰਬਾਰ ਚ ਪਹਿਲੇ ਭੰਡਾਰੇ ਦੀ ਰਵਾਨਗੀ ਦੇ ਮੋਕੇ ਤੇ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਹ ਸ਼ੋਭਾ ਯਾਤਰਾ ਵਿੱਕੀ ਮੈਡੀਕਲ ਹਾਲ ਤੋ ਸ਼ੁਰੂ ਹੋਈ ਅਤੇ ਗਿੱਦੜਬਾਹਾ ਸ਼ਹਿਰ ਦੇ ਸਾਰੇ ਬਾਜ਼ਾਰਾਂ ਅਤੇ ਗਲੀਆਂ ਵਿੱਚੋ ਦੀ ਹੁੰਦੀ ਹੋਈ ਵਾਪਸ ਆਪਣੇ ਸਥਾਨ ਤੇ ਸਮਾਪਤ ਹੋਈ। ਗਿੱਦੜਬਾਹਾ ਵਾਸੀਆਂ ਵੱਲੋਂ ਸੋਭਾ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਭਗਤਾਂ ਦੇ ਖਾਣ ਪੀਣ ਲਈ ਵੱਖ ਵੱਖ ਤਰਾਂ ਦੀਆਂ ਸਟਾਲਾ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਕੀ ਮੈਡੀਕਲ ਹਾਲ ਦੇ ਮਾਲਕ ਵਿੱਕੀ ਨੇ ਦੱਸਿਆ ਕਿ ਸਮੂਹ ਗਿੱਦੜਬਾਹਾ ਵਾਸੀਆਂ ਦੇ ਸਹਿਯੋਗ ਮਾ ਚਿੰਤਪੁਰਨੀ ਨਵੀ ਲੰਗਰ ਕਮੇਟੀ ਗਿੱਦੜਬਾਹਾ ਵੱਲੋਂ ਮਾਤਾ ਚਿੰਤਪੁਰਨੀ ਦੇ ਦਰਬਾਰ ਵਿਖੇ ਪਹਿਲਾ ਵਿਸ਼ਾਲ ਭੰਡਾਰਾ ਮਿਤੀ 13 ਅਗਸਤ ਤੋ ਸ਼ੁਰੂ ਹੋ ਕੇ 20 ਅਗਸਤ ਤੱਕ ਦਿਨ ਰਾਤ ਚਲਾਇਆ ਜਾਵੇਗਾ। ਇਸ ਮੌਕੇ ਤੇ ਨਗਰ ਕੌਂਸਲ ਗਿੱਦੜਬਾਹਾ ਦੇ ਪ੍ਰਧਾਨ ਗੋਰਵ ਜੈਨ ਚੀਨੂੰ, ਆੜਤੀਆਂ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਕੁਮਾਰ, ਪਰਦਮਨ ਕੁਮਾਰ, ਐਮ ਸੀ ਮਾਧੋ ਦਾਸ, ਐਮ ਸੀ ਵਾਲੀਆਂ, ਕਾਂਗਰਸ ਦੇ ਯੂਥ ਆਗੂ ਦੀਪਕ ਕੁਮਾਰ ਗਰਗ, ਵਿਨੀਤ ਕੁਮਾਰ, ਪ੍ਰੇਮ ਮੈਡੀਕਲ ਵਾਲੇ,ਆਮ ਆਦਮੀ ਦੇ ਯੂਥ ਆਗੂ ਅਤੇ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਸਪੁੱਤਰ ਪੈਵੀ ਢਿੱਲੋਂ, ਸਮਾਜਸੇਵੀ ਮੁਕੇਸ਼ ਕੁਮਾਰ,ਉਮ ਪ੍ਰਕਾਸ਼ ਮੈਡੀਕਲ ਵਾਲੇ, ਸਕਤੀ ਜਿੰਦਲ, ਸਮਾਜਸੇਵੀ ਸੰਜੀਵ ਗਰਗ,ਅਜੈ ਕਾਂਸਲ, ਮੈਡਮ ਸੰਧਿਆ ਜਿੰਦਲ, ਪ੍ਰਵੀਨ ਜਿੰਦਲ , ਸੰਦੀਪ ਕੁਮਾਰ ਸੀਪਾ, ਨਿੱਕਾ ਟਾਮਨਾ ਅਤੇ ਗਿੱਦੜਬਾਹਾ ਸ਼ਹਿਰ ਦੇ ਹੋਰ ਵੀ ਪੱਤਵੰਤੇ ਸੱਜਣਾ ਨੇ ਸੋਭਾ ਯਾਤਰਾ ਵਿੱਚ ਹਿੱਸਾ ਲਿਆ।



## 15 ਅਗਸਤ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਖ਼ਤ ਸੁਰੱਖਿਆ ਪ੍ਰਬੰਧ

### ਪੀ.ਸੀ.ਆਰ ਮੋਟਰਸਾਈਕਲਾਂ ਰਾਹੀਂ ਲਗਾਤਾਰ ਗਸ਼ਤ, ਵੱਖ-ਵੱਖ ਥਾਵਾਂ ’ਤੇ ਨਾਕਾਬੰਦੀ ਕਰਕੇ ਵਾਹਨਾਂ ਅਤੇ ਸ਼ੱਕੀ ਵਿਅਕਤੀਆਂ ਦੀ ਕੀਤੀ ਜਾ ਰਹੀ ਚੈਕਿੰਗ ਸ਼ਰਾਰਤੀ ਅਨਸਰਾਂ, ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ’ਤੇ ਪੁਲਿਸ ਵੱਲੋਂ ਲਗਾਤਾਰ ਕਾਰਵਾਈ ਜਾਰੀ

ਸ੍ਰੀ ਮੁਕਤਸਰ ਸਾਹਿਬ, 10 ਅਗਸਤ (ਸੰਜੀਵ ਗਰਗ) 15 ਅਗਸਤ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਅਮਨ੍ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸੁਰੱਖਿਆ ਪ੍ਰਬੰਧ ਹੋਰ ਸਖ਼ਤ ਕਰ ਦਿੱਤੇ ਗਏ ਹਨ। ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ (ਆਈ.ਪੀ.ਐਸ) ਦੇ ਦਿਸ਼੍ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਅੰਦਰ ਦਿਨ੍ਰਾਤ ਲਗਾਤਾਰ ਗਸ਼ਤ, ਨਾਕਾਬੰਦੀ, ਸਰਚ ਅਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਜਿੱਥੇ ਪੁਲਿਸ ਵੱਲੋਂ ਪੀ.ਸੀ.ਆਰ। ਮੋਟਰਸਾਈਕਲਾਂ ਅਤੇ ਹੋਰ ਗਸ਼ਤੀ ਵਾਹਨਾਂ ਰਾਹੀਂ ਸ਼ਹਿਰਾਂ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਲਗਾਤਾਰ ਪੈਟਰੋਲਿੰਗ ਕੀਤੀ ਜਾ ਰਹੀ ਹੈ, ਉੱਥੇ ਹੀ ਵੱਖ੍ਵੱਖ ਮਹੱਤਵਪੂਰਨ ਸਥਾਨਾਂ, ਮੁੱਖ ਰਸਤਿਆਂ ਅਤੇ ਆਉਣ-ਜਾਣ ਵਾਲੇ ਮਾਰਗਾਂ ’ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਸ਼ੱਕੀ ਵਾਹਨਾਂ ਅਤੇ ਸ਼ੱਕੀ ਵਿਅਕਤੀਆਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਜਾ ਰਹੀ ਹੈ। ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹੇ ਦੇ ਚਾਰੇ ਸਬ-ਡਿਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਮਲੋਟ ਅਤੇ ਲੰਬੀ ਵਿੱਚ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਪੁਲਿਸ ਟੀਮਾਂ ਵੱਲੋਂ ਵੱਖ-ਵੱਖ ਥਾਵਾਂ ’ਤੇ ਨਾਕੇ ਲਗਾ ਕੇ ਆਉਣ-ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਨਾਕਿਆਂ ਦੌਰਾਨ ਸ਼ੱਕੀ ਵਾਹਨਾਂ, ਸ਼ੱਕੀ ਪੁਰਸ਼ਾਂ ਅਤੇ ਹੋਰ ਸ਼ੱਕੀ ਵਿਅਕਤੀਆਂ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ। ਵਾਹਨਾਂ ਦੇ ਦਸਤਾਵੇਜ਼ਾਂ ਦੀ ਜਾਂਚ ਦੇ ਨਾਲ੍ਨਾਲ ਵਾਹਨ ਚਾਲਕਾਂ ਅਤੇ ਸਵਾਰ ਵਿਅਕਤੀਆਂ ਦੀ ਪਛਾਣ ਵੀ ਯਕੀਨੀ ਬਣਾਈ ਜਾ ਰਹੀ ਹੈ। ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਗੈਰ੍ਕਾਨੂੰਨੀ ਸਮਾਨ ਦੀ ਸੂਚਨਾ ਮਿਲਣ ’ਤੇ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਇਸ ਤੋਂ ਇਲਾਵਾ ਪੁਲਿਸ ਟੀਮਾਂ ਵੱਲੋਂ ਬੱਸ ਸਟੈਂਡ, ਰੇਲਵੇ ਸਟੇਸ਼ਨ, ਬਾਜ਼ਾਰਾਂ, ਭੀੜ੍ਭਾੜ ਵਾਲੇ ਇਲਾਕਿਆਂ ਅਤੇ ਹੋਰ ਸੰਵੇਦਨਸ਼ੀਲ ਸਥਾਨਾਂ ’ਤੇ ਵੀ ਵਿਸ਼ੇਸ਼ ਨਿਗਰਾਨੀ ਰੱਖੀ ਜਾ ਰਹੀ ਹੈ।

ਪੀ.ਸੀ.ਆਰ ਟੀਮਾਂ ਵੱਲੋਂ ਲਗਾਤਾਰ ਗਸ਼ਤ ਆਜ਼ਾਦੀ ਦਿਹਾੜੇ ਨੂੰ ਸੁਰੱਖਿਅਤ ਮਾਹੌਲ ਵਿੱਚ ਮਨਾਉਣ ਲਈ ਪੀ.ਸੀ.ਆਰ ਟੀਮਾਂ ਵੱਲੋਂ ਸ਼ਹਿਰ ਅਤੇ ਹੋਰ ਮਹੱਤਵਪੂਰਨ ਇਲਾਕਿਆਂ ਵਿੱਚ ਮੋਟਰਸਾਈਕਲਾਂ ਰਾਹੀਂ ਲਗਾਤਾਰ ਗਸ਼ਤ ਕੀਤੀ ਜਾ ਰਹੀ ਹੈ। ਗਸ਼ਤ ਦੌਰਾਨ ਸ਼ੱਕੀ ਵਿਅਕਤੀਆਂ ਅਤੇ ਸ਼ੱਕੀ ਗਤੀਵਿਧੀਆਂ ’ਤੇ ਵਿਸ਼ੇਸ਼ ਨਜ਼ਰ ਰੱਖੀ ਜਾ ਰਹੀ ਹੈ। ਪੁਲਿਸ ਵੱਲੋਂ ਸੰਵੇਦਨਸ਼ੀਲ ਅਤੇ ਭੀੜ ਵਾਲੇ ਸਥਾਨਾਂ ’ਤੇ ਅਚਨਚੇਤ ਚੈਕਿੰਗ ਵੀ ਕੀਤੀ ਜਾ ਰਹੀ ਹੈ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਪਰਾਧਕ ਜਾਂ ਸ਼ਰਾਰਤੀ ਗਤੀਵਿਧੀ ਨੂੰ ਸਮੇਂ ਸਿਰ ਰੋਕਿਆ ਜਾ ਸਕੇ।

ਜ਼ਿਲ੍ਹਾ ਪੁਲਿਸ ਵੱਲੋਂ ਚਲਾਈ ਜਾ ਰਹੀ ਇਸ ਵਿਸ਼ੇਸ਼ ਮੁਹਿੰਮ ਤਹਿਤ ਲਗਭਗ 200 ਪੁਲਿਸ ਅਧਿਕਾਰੀ ਅਤੇ ਕਰਮਚਾਰੀ ਵੱਖ੍ਵੱਖ ਡਿਊਟੀਆਂ ’ਤੇ ਤਾਇਨਾਤ ਰਹੇ। ਪੁਲਿਸ ਟੀਮਾਂ ਵੱਲੋਂ ਨਾਕਾਬੰਦੀ, ਗਸ਼ਤ, ਸਰਚ ਅਤੇ ਚੈਕਿੰਗ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੰਜਾਮ ਦਿੱਤਾ ਜਾ ਰਿਹਾ ਹੈ। ਚੈਕਿੰਗ ਦੌਰਾਨ ਪੁਲਿਸ ਵੱਲੋਂ ਆਧੁਨਿਕ ਤਕਨੀਕ ਅਤੇ PAIS ਐਪ ਰਾਹੀਂ ਸ਼ੱਕੀ ਵਿਅਕਤੀਆਂ ਦੀ ਪਛਾਣ ਅਤੇ ਵੇਰੀਫਿਕੇਸ਼ਨ ਕੀਤੀ ਜਾ ਰਹੀ ਹੈ, ਜਦਕਿ ਵਾਹਨ ਐਪ ਰਾਹੀਂ ਵਾਹਨਾਂ ਦੇ ਵੇਰਵਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਦੌਰਾਨ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਚੈਕ ਕੀਤੇ ਜਾ ਰਹੇ ਵਾਹਨ ਚੋਰੀਸ਼ੁਦਾ ਨਾ ਹੋਣ ਅਤੇ ਕਿਸੇ ਅਪਰਾਧਕ ਗਤੀਵਿਧੀ ਵਿੱਚ ਵਰਤੇ ਨਾ ਗਏ ਹੋਣ। ਪੁਲਿਸ ਟੀਮਾਂ ਵੱਲੋਂ ਸ਼ੱਕੀ ਸਮਾਨ ਅਤੇ ਵਾਹਨਾਂ ਦੀ ਲੋੜ ਅਨੁਸਾਰ ਤਲਾਸ਼ੀ ਵੀ ਲਈ ਜਾ ਰਹੀ ਹੈ।ਇਸ ਸਮੁੱਚੀ ਮੁਹਿੰਮ ਦੀ ਨਿਗਰਾਨੀ ਐਸ.ਪੀ (ਡੀ.) ਸ੍ਰੀ ਮਨਮੀਤ ਸਿੰਘ ਢਿੱਲੋਂ ਅਤੇ ਸਬੰਧਤ ਸਬ੍ਡਿਵੀਜ਼ਨਾਂ ਦੇ ਡੀ.ਐਸ.ਪੀਜ਼ ਵੱਲੋਂ ਕੀਤੀ ਜਾ ਰਹੀ ਹੈ। ਇਸ ਦੌਰਾਨ ਸ੍ਰੀ ਬਚਨ ਸਿੰਘ, ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ੍ਰੀ ਜਤਿੰਦਰ ਸਿੰਘ, ਡੀ.ਐਸ.ਪੀ (ਗਿੱਦੜਬਾਹਾ), ਸ੍ਰੀ ਜਸਪਾਲ, ਡੀ.ਐਸ.ਪੀ (ਮਲੋਟ) ਅਤੇ ਸ੍ਰੀ ਹਰਬੰਸ ਸਿੰਘ, ਡੀ.ਐਸ.ਪੀ (ਲੰਬੀ) ਵੱਲੋਂ ਆਪਣੇ-ਆਪਣੇ ਸਬ-ਡਿਵੀਜ਼ਨਾਂ ਵਿੱਚ ਸੁਰੱਖਿਆ ਪ੍ਰਬੰਧਾਂ ਅਤੇ ਨਾਕਾਬੰਦੀ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸ਼ਰਾਰਤੀ ਅਨਸਰਾਂ, ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਹੋਰ ਅਪਰਾਧਕ ਤੱਤਾਂ ਦੀਆਂ ਗਤੀਵਿਧੀਆਂ ’ਤੇ ਵਿਸ਼ੇਸ਼ ਨਜ਼ਰ ਰੱਖੀ ਜਾ ਰਹੀ ਹੈ। ਪੁਲਿਸ ਵੱਲੋਂ ਸ਼ੱਕੀ ਵਿਅਕਤੀਆਂ ਦੀ ਵੇਰੀਫਿਕੇਸ਼ਨ ਕਰਨ ਦੇ ਨਾਲ੍ਨਾਲ ਪੁਰਾਣੇ ਅਪਰਾਧੀਆਂ ਅਤੇ ਪੁਲਿਸ ਰਿਕਾਰਡ ਵਿੱਚ ਦਰਜ ਵਿਅਕਤੀਆਂ ਦੀਆਂ ਗਤੀਵਿਧੀਆਂ ’ਤੇ ਵੀ ਨਿਗਰਾਨੀ ਕੀਤੀ ਜਾ ਰਹੀ ਹੈ।ਪੁਲਿਸ ਵੱਲੋਂ ਸਪਸ਼ਟ ਕੀਤਾ ਗਿਆ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਤਰ੍ਹਾਂ ਦੀ ਗੈਰ੍ਕਾਨੂੰਨੀ ਜਾਂ ਅਪਰਾਧਕ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਐਸ।ਐਸ।ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ (ਆਈ।ਪੀ।ਐਸ) ਨੇ ਕਿਹਾ ਕਿ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹੇ ਵਿੱਚ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕੀਤੇ ਗਏ ਹਨ। ਪੁਲਿਸ ਟੀਮਾਂ ਵੱਲੋਂ ਦਿਨ੍ਰਾਤ ਗਸ਼ਤ, ਨਾਕਾਬੰਦੀ ਅਤੇ ਚੈਕਿੰਗ ਕੀਤੀ ਜਾ ਰਹੀ ਹੈ, ਤਾਂ ਜੋ ਲੋਕਾਂ ਨੂੰ ਸੁਰੱਖਿਅਤ ਅਤੇ ਸ਼ਾਂਤੀਪੂਰਨ ਮਾਹੌਲ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੀ।ਸੀ।ਆਰ। ਟੀਮਾਂ ਵੱਲੋਂ ਲਗਾਤਾਰ ਗਸ਼ਤ ਕਰਨ ਦੇ ਨਾਲ੍ਨਾਲ ਵੱਖ੍ਵੱਖ ਥਾਵਾਂ ’ਤੇ ਨਾਕਾਬੰਦੀ ਕਰਕੇ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਪੁਲਿਸ ਵੱਲੋਂ ਹਰ ਤਰ੍ਹਾਂ ਦੀ ਸ਼ੱਕੀ ਗਤੀਵਿਧੀ ’ਤੇ ਤੁਰੰਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਹੋਰ ਅਪਰਾਧਕ ਤੱਤਾਂ ਲਈ ਕੋਈ ਥਾਂ ਨਹੀਂ ਹੈ। ਸ਼ਰਾਰਤੀ ਅਨਸਰਾਂ ਖ਼ਿਲਾਫ਼ ਕਾਰਵਾਈ ਅੱਗੇ ਵੀ ਇਸੇ ਤਰ੍ਹਾਂ ਲਗਾਤਾਰ ਜਾਰੀ ਰਹੇਗੀ।

ਅਪੀਲ

ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਪੁਲਿਸ ਵੱਲੋਂ ਕੀਤੀ ਜਾ ਰਹੀ ਚੈਕਿੰਗ ਦੌਰਾਨ ਸਹਿਯੋਗ ਦਿੱਤਾ ਜਾਵੇ ਅਤੇ ਆਪਣੇ ਵਾਹਨਾਂ ਦੇ ਜ਼ਰੂਰੀ ਦਸਤਾਵੇਜ਼ ਨਾਲ ਰੱਖੇ ਜਾਣ। ਲੋਕ ਆਪਣੇ ਇਲਾਕੇ ਵਿੱਚ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ। ਨਸ਼ਾ ਤਸਕਰੀ ਜਾਂ ਕਿਸੇ ਹੋਰ ਅਪਰਾਧਕ ਗਤੀਵਿਧੀ ਸਬੰਧੀ ਜਾਣਕਾਰੀ 8054942100 ’ਤੇ ਫੋਨ ਜਾਂ ਵਟਸਐਪ ਰਾਹੀਂ ਦਿੱਤੀ ਜਾ ਸਕਦੀ ਹੈ। ਜਾਣਕਾਰੀ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।





## ਐਕਸੀਡੈਂਟ ਦੌਰਾਨ ਨਕਾਰਾ ਹੋਏ ਵਿਅਕਤੀ ਦੇ ਪਰਿਵਾਰ ਦੀ ਡਾ. ਓਬਰਾਏ ਨੇ ਫ਼ੜੀ ਬਾਂਹ



ਸ੍ਰੀ ਮੁਕਤਸਰ ਸਾਹਿਬ 10 ਅਗਸਤ (ਸੰਜੀਵ ਗਰਗ) ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਦੇ ਇੱਕ ਪਰਿਵਾਰ ਨੂੰ ਲੰਮੇ ਸਮੇਂ ਲਈ ਸਹਾਇਤਾ ਦੇ ਕੇ ਪਰਿਵਾਰ ਦੀ ਬਾਂਹ ਫੜੀ ਗਈ ਹੈ।

ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਸ ਪਿੰਡ ਦੇ ਗ਼ਰੀਬ ਪਰਿਵਾਰ ਦੇ ਇਕਲੌਤੇ ਪੁੱਤਰ ਦੀ ਐਕਸੀਡੈਂਟ ਦੌਰਾਨ ਲੱਤ ਕੱਟੀ ਗਈ ਅਤੇ ਸਰੀਰ ਤੇ ਹੋਰ ਵੀ ਕਈ ਸੱਟਾਂ ਲੱਗੀਆਂ ਅਤੇ ਇਹ ਵਿਅਕਤੀ ਕੰਮ ਕਰਨ ਤੋਂ ਅਸਮਰਥ ਹੋ ਗਿਆ ਤੇ ਨਾਲ ਹੀ ਪਰਿਵਾਰ ਤੇ ਦੁੱਖਾਂ ਦਾ ਪਹਾੜ ਟੁੱਟ ਗਿਆ ਕਿਉਂਕਿ ਘਰ ਵਿੱਚ ਹੋਰ ਕੋਈ ਵੀ ਕਮਾਉਣ ਯੋਗ ਨਹੀਂ ਹੈ, ਪਿੰਡ ਦੇ ਪਤਵੰਤੇ ਸੱਜਣਾਂ ਅਤੇ ਰੁਪਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਕਿਸਾਨ ਯੂਨੀਅਨ ਵੱਲੋਂ ਇਹ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਧਿਆਨ ਵਿੱਚ ਲਿਆਂਦਾ ਤਾਂ ਟੀਮ ਵੱਲੋਂ ਮੁੱਢਲੀ ਵੈਰੀਫਿਕੇਸ਼ਨ ਕਰਨ ਤੋਂ ਬਾਅਦ ਡਾਕਟਰ ਐਸ ਪੀ ਸਿੰਘ ਓਬਰਾਏ ਨੂੰ ਇਸ ਕੇਸ ਬਾਰੇ ਜਾਣਕਾਰੀ ਦਿੱਤੀ ਤਾਂ ਡਾਕਟਰ ਓਬਰਾਏ ਨੇ ਤੁਰੰਤ ਹੀ ਲੰਮੇ ਸਮੇਂ ਲਈ ਪਰਿਵਾਰ ਨੂੰ ਸਹਾਇਤਾ ਦੇਣ ਦਾ ਐਲਾਨ ਕੀਤਾ ਅਤੇ ਹਰ ਸੰਭਵ ਮੱਦਦ ਲਈ ਭਰੋਸਾ ਦਿਤਾ। ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਜਸਪਾਲ ਸਿੰਘ ਰਿਟਾ ਲੈਕਚਰਾਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਬਰਾੜ ਰਿਟਾ ਪ੍ਰਿੰਸੀਪਲ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ ਬੈਕ ਮੈਨੇਜਰ ਮੀਤ ਪ੍ਰਧਾਨ, ਬਲਜੀਤ ਸਿੰਘ ਮਾਨ ਰਿਟਾ ਪ੍ਰਿੰਸੀਪਲ, ਬਰਨੇਕ ਸਿੰਘ ਰਿਟਾ ਲੈਕਚਰਾਰ, ਸੋਮ ਨਾਥ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ, ਚਰਨਜੀਤ ਸਿੰਘ ਮੈਂਬਰ ਬਲਾਕ ਸੰਮਤੀ, ਰੁਪਿੰਦਰ ਸਿੰਘ ਡੋਹਕ ਜ਼ਿਲ੍ਹਾ ਪ੍ਰਧਾਨ ਕਿਸਾਨ ਯੂਨੀਅਨ, ਜਸਕਰਨ ਸਿੰਘ ਸਰਾਂ ਮੀਤ ਪ੍ਰਧਾਨ ਕਿਸਾਨ ਯੂਨੀਅਨ, ਹੈਪੀ ਬਰਾੜ ਕਿਸਾਨ ਯੂਨੀਅਨ, ਸੁਖਦਰਸ਼ਨ ਸਿੰਘ ਬੇਦੀ ਰਿਟਾ ਜ਼ਿਲ੍ਹਾ ਉੱਪ ਸਿੱਖਿਆ ਅਫ਼ਸਰ, ਬਲਦੇਵ ਸਿੰਘ ਮਾਂਗਟ ਕੇਰ ਆਦਿ ਹਾਜ਼ਰ ਸਨ।


ਅਖਬਾਰ ਵਿੱਚ ਪ੍ਰਕਾਸ਼ਿਤ ਖ਼ਬਰਾਂ, ਲੇਖਾਂ, ਇਸ਼ਤਿਹਾਰਾਂ ਅਤੇ ਪਾਠਕਾਂ ਵੱਲੋਂ ਭੇਜੀ ਗਈ ਸਮੱਗਰੀ ਵਿੱਚ ਪ੍ਰਗਟ ਕੀਤੇ ਗਏ ਵਿਚਾਰ ਸੰਬੰਧਿਤ ਲੇਖਕਾਂ, ਸੰਵਾਦਦਾਤਾਵਾਂ ਜਾਂ ਵਿਗਿਆਪਨਦਾਤਾਵਾਂ ਦੇ ਨਿੱਜੀ ਵਿਚਾਰ ਹਨ। ਇਨ੍ਹਾਂ ਨਾਲ ਡੀ.ਡੀ.ਐਸ ਨਿਊਜ਼ ਦੇ ਸੰਪਾਦਕ, ਪ੍ਰਕਾਸ਼ਕ ਜਾਂ ਪ੍ਰਬੰਧਨ ਦਾ ਸਹਿਮਤ ਹੋਣਾ ਲਾਜ਼ਮੀ ਨਹੀਂ ਹੈ। ਕਿਸੇ ਵੀ ਇਸ਼ਤਿਹਾਰ ਜਾਂ ਦਾਅਵੇ ਦੀ ਸੱਚਾਈ ਦੀ ਜ਼ਿੰਮੇਵਾਰੀ ਸੰਬੰਧਿਤ ਵਿਗਿਆਪਨਦਾਤਾ ਦੀ ਹੋਵੇਗੀ। ਕਿਸੇ ਵੀ ਵਿਵਾਦ ਦੀ ਸੂਰਤ ਵਿੱਚ ਅਦਾਲਤੀ ਅਧਿਕਾਰ ਖੇਤਰ ਸੰਬੰਧਿਤ ਕਾਨੂੰਨਾਂ ਅਨੁਸਾਰ ਹੋਵੇਗਾ।

## ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਚਾਰ ਵੈਨ ਪਿੰਡ ਘੁਮਿਆਰਾ ਖੇੜਾ, ਜੰਡਵਾਲਾ ਚੜ੍ਹਤ ਸਿੰਘ ਅਤੇ ਸ਼ੇਖੂ ਪੁੱਜੀ

**ਮਲੋਟ/ਸ੍ਰੀ ਮੁਕਤਸਰ ਸਾਹਿਬ, 10 ਅਗਸਤ (ਸੰਜੀਵ ਗਰਗ)** ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਅੱਜ ਬਲਾਕ ਮਲੋਟ ਦੇ ਪਿੰਡ ਘੁਮਿਆਰਾ ਖੇੜਾ,



ਜੰਡਵਾਲਾ ਚੜ੍ਹਤ ਸਿੰਘ ਅਤੇ ਸ਼ੇਖੂ ਵਿਖੇ ਪੁੱਜੀ। ਇਸ ਮੌਕੇ ਤਿੰਨਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ, ਸਮਾਜਿਕ ਬਰਾਬਰੀ, ਆਪਸੀ ਸਦਭਾਵਨਾ ਅਤੇ ਉੱਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ ਤੇ ਆਧਾਰਿਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।
ਡਾਕੂਮੈਂਟਰੀ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਦੇ ਭਲੇ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਹਾਜ਼ਰ ਦਰਸ਼ਕਾਂ ਨੇ ਡਾਕੂਮੈਂਟਰੀ ਨੂੰ ਬਹੁਤ ਸ਼ਰਧਾ ਅਤੇ ਰੁਚੀ ਨਾਲ ਦੇਖਿਆ ਅਤੇ ਗੁਰੂ ਸਾਹਿਬ ਵੱਲੋਂ ਦਰਸਾਏ ਸਮਾਨਤਾ, ਭਾਈਚਾਰੇ ਅਤੇ ਮਨੁੱਖੀ ਏਕਤਾ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ।

## ਸੀ ਐਚ ਸੀ ਹਾਜੀਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਾਜੀਪੁਰ ਵਿਖੇ ਰਾਸ਼ਟਰੀ ਡੀਵਰਮਿੰਗ ਦਿਵਸ ਮਨਾਇਆ ਗਿਆ

**ਹਾਜੀਪੁਰ, 10 ਅਗਸਤ (ਗੁਰਦੀਪ ਸਿੰਘ)** ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਨਿਰਦੇਸ਼ਾਂ ਹੇਠ ਅਤੇ ਐਸ ਐਮ ਓ ਡਾ. ਰਵਿੰਦਰ ਕੌਰ ਦੀ ਯੋਗ ਅਗਵਾਈ ਹੇਠ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਾਜੀਪੁਰ ਵਿਖੇ ਰਾਸ਼ਟਰੀ ਡੀਵਰਮਿੰਗ ਦਿਵਸ ਮਨਾਇਆ ਗਿਆ। ਇਸ ਮੌਕੇ ਸੀ ਐਚ ਸੀ ਹਾਜੀਪੁਰ ਦੀ ਟੀਮ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਾਜੀਪੁਰ ਵਿਖੇ ਰਾਸ਼ਟਰੀ ਡੀਵਰਮਿੰਗ ਦਿਵਸ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ। ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਮੁੱਖ ਉਦੇਸ਼ ਬੱਚਿਆਂ ਨੂੰ ਅੰਤੜੀਆਂ ਦੇ ਕੀੜੇ ਹੋਣ ਤੋਂ ਰੋਕਣਾ ਹੈ, ਜਿਸ ਨਾਲ ਅਨੀਮੀਆ ਹੋ ਸਕਦਾ ਹੈ ਅਤੇ ਉਨ੍ਹਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਰੁਕਾਵਟ ਆ ਸਕਦੀ ਹੈ। ਬੱਚਿਆਂ ਨੂੰ ਇਹ ਗੋਲੀ ਖਾਲੀ ਪੇਟ ਨਹੀਂ ਲੈਣੀ ਚਾਹੀਦੀ। ਇਹ ਖਾਣਾ ਖਾਣ ਤੋਂ ਬਾਅਦ ਹੀ ਲੈਣੀ ਚਾਹੀਦੀ ਹੈ। ਡੀਵਰਮਿੰਗ ਦੀ ਮਹੱਤਤਾ ਅਤੇ ਅੰਤੜੀਆਂ ਦੇ ਕੀੜਿਆਂ ਨੂੰ ਕਿਵੇਂ ਰੋਕਿਆ ਜਾਵੇ, ਇਸ ਬਾਰੇ ਜਾਗਰੂਕਤਾ ਫੈਲਾਈ ਜਾ ਰਹੀ ਹੈ। ਬੱਚਿਆਂ ਨੂੰ ਚੰਗੀ ਸਫਾਈ ਦੀਆਂ ਆਦਤਾਂ ਨੂੰ ਅਪਣਾਉਣ, ਸਾਫ਼ ਪਾਣੀ ਦੀ ਵਰਤੋਂ ਕਰਨ ਅਤੇ ਸਿਹਤਮੰਦ ਜੀਵਨ ਸ਼ੈਲੀ ਜੀਉਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਡਾ. ਪੁਨੀਤਾ, ਡਾ. ਵਿਵੇਕ, ਡਾ. ਗੁਰਮੀਤ, ਸਟਾਫ ਨਰਸਾਂ, ਅਧਿਆਪਕ ਅਤੇ ਬੱਚੇ ਮੌਜੂਦ ਸਨ।




## ਖਿਆਲਾਂ ਕਲਾਂ ਦੇ ਹਸਪਤਾਲ ਨੂੰ ਟਰੌਮਾ ਸੈਂਟਰ ਬਣਾਉਣ ਲਈ ਪੂਰੇ ਮਾਨਸਾ ਜ਼ਿਲ੍ਹੇ ਦੀ ਜ਼ੋਰਦਾਰ ਮੰਗ ਬਲਵਿੰਦਰ ਕੌਰ ਭੈਣੀ ਬਾਘਾ

**ਮਾਨਸਾ 10 ਅਗਸਤ (ਸੁਰੇਸ਼ ਜਿੰਦਲ)** ਮਾਨਸਾ ਜ਼ਿਲ੍ਹੇ ਦੇ ਖਿਆਲਾਂ ਕਲਾਂ ਵਿਖੇ ਸਰਕਾਰੀ ਹਸਪਤਾਲ ਰੋਡ ਤੇ ਸਥਿਤ ਹੈ ਇਸ ਹਸਪਤਾਲ ਵਿੱਚ ਚੀਮਾ ਮੰਡੀ ਤੋਂ ਲੈਕੇ ਬੁਢਲਾਡਾ ਬਰੇਟਾ ਤਪਾ ਮੰਡੀ ਮੌੜ ਕੁੱਤੀਵਾਲ ਬਹਿਣੀਵਾਲ ਅਤੇ ਆਸ ਪਾਸ ਦੇ ਮਰੀਜ਼ ਦਵਾਈ ਲੈਣ ਅਤੇ ਡਿਲੀਵਰੀ ਕਰਵਾਉਣ ਅਤੇ ਨਸ਼ਾ ਛੁਡਾਊ ਕੇਂਦਰ ਵਿਖੇ ਪਹੁੰਚਦੇ ਹਨ ਲੇਕਿਨ ਲਾਇਬ ਚ ਟੈਸਟ ਕਰਨ ਅਤੇ ਡਾਕਟਰਾਂ ਦੀ ਘਾਟ ਹੈ ਲੇਕਿਨ ਅਫ਼ਸੋਸ ਹੈ ਕਿ ਇਸ ਰੋਡ



ਤੇ ਜਿਆਦਾ ਮਸੀਨਰੀ ਦੀ ਆਵਾਜਾਈ ਅਤੇ ਰਾਹਗੀਰ ਨਿੱਤ ਰੋਜ਼ ਸਫ਼ਰ ਲਈ ਲੰਘਦੇ ਹਨ ਅਤੇ ਹਰ ਰੋਜ਼ ਅਨੇਕਾਂ ਐਕਸੀਡੈਂਟ ਹੋ ਜਾਂਦੇ ਹਨ ਅਤੇ ਨੇੜੇ ਮੈਡੀਕਲ ਸੁਵਿਧਾ ਨਾ ਹੋਣ ਕਾਰਨ ਕੀਮਤੀ ਜਾਨਾਂ ਚਲੀਆਂ ਜਾਣ ਨਾਲ ਅਨੇਕਾਂ ਬੱਚੇ ਮਾਂ ਬਾਪ ਦੇ ਸਾਏ ਤੋਂ ਵਾਂਝੇ ਅਤੇ ਮਾਵਾਂ ਦੇ ਧੀਆਂ ਪੁੱਤਰ ਭੈਣਾਂ ਦੇ ਭਰਾ ਅਤੇ ਸੁਹਾਗਣਾਂ ਦੇ ਸੁਹਾਗ ਮੌਤ ਦੇ ਮੂੰਹ ਵਿੱਚ ਚਲੇ ਜਾਂਦੇ ਹਨ ਦਸ ਕਿਲੋਮੀਟਰ ਦੂਰੀ ਤੇ ਸਥਿਤ ਸਿਵਲ ਹਸਪਤਾਲ ਵਿਖੇ ਵੀ ਕੋਈ ਅਮਰਜੰਸੀ ਘਟਨਾ ਸਾਂਭਣ ਲਈ ਮਸ਼ੀਨਾਂ ਦਾ ਖ਼ਾਸ ਪ੍ਰਬੰਧ ਨਹੀਂ ਅਤੇ ਬੇਵੱਸ ਹੋ ਕੇ ਅੱਗੇ ਰੈਫਰਲ ਕਰਨਾ ਪੈਂਦਾ ਹੈ ਤੇ ਜ਼ਿਆਦਾਤਰ ਮਰੀਜ਼ ਰਸਤੇ ਵਿੱਚ ਦਮ ਤੋੜ ਜਾਂਦੇ ਹਨ ਇਸ ਲਈ ਮੌਕੇ ਦੀ ਪੰਜਾਬ ਸਰਕਾਰ ਅਤੇ ਸੈਂਟਰ ਸਰਕਾਰ ਤੋਂ ਪੂਰੇ ਮਾਨਸਾ ਜ਼ਿਲ੍ਹੇ ਹੀ ਨਹੀਂ ਸਗੋਂ ਗੁਆਂਢੀ ਇਲਾਕ਼ਾ ਨਿਵਾਸੀਆਂ ਦੀ ਦਰਦ ਭਰੀ ਆਵਾਜ਼ ਅਤੇ ਮੰਗ ਹੈ ਕਿ ਖਿਆਲਾਂ ਕਲਾਂ ਦੇ ਸਰਕਾਰੀ ਹਸਪਤਾਲ ਨੂੰ ਜਲਦੀ ਤੋਂ ਜਲਦੀ ਟਰੌਮਾ ਸੈਂਟਰ ਬਣਾਇਆ ਜਾਵੇ ਅਤੇ ਮੈਡੀਕਲ ਸੁਵਿਧਾ ਦਾ ਪ੍ਰਬੰਧ ਕੀਤਾ ਜਾਵੇ ਸਾਰੇ ਮਾਨਸਾ ਇਲਾਕੇ ਅਤੇ ਗੁਆਂਢੀ ਇਲਾਕ਼ਾ ਨਿਵਾਸੀਆਂ ਦਾ ਨਾਹਰਾ ਟਰੌਮਾ ਸੈਂਟਰ ਬਣਾਇਆ ਜਾਵੇ ਹਸਪਤਾਲ ਖਿਆਲਾਂ
ਵੱਲੋਂ ਸਮੂਹ ਇਲਾਕੇ ਦੀਆਂ ਪੰਚਾਇਤਾਂ ਕਮੇਟੀਆਂ ਕਲੱਬਾਂ ਸਰਕਾਰੀ ਅਤੇ ਸਮੂਹ ਕਰਮਚਾਰੀ ਸਮੂਹ ਜੱਥੇਬੰਦੀਆਂ ਸਮਾਜ ਸੇਵੀ ਸੰਸਥਾਵਾਂ ਅਤੇ ਮੋਹਤਬਰ ਸ਼ਖ਼ਸੀਅਤਾਂ ਆਉਣ ਵਾਲੀ 16, ਅਗਸਤ ਨੂੰ ਲੱਖਾਂ ਦੀ ਗਿਣਤੀ ਵਿੱਚ ਸੰਬੋਧਨ ਕਰਨ ਲਈ ਭਾਰੀ ਇਕੱਠ ਨਾਲ ਸਰਕਾਰ ਤੱਕ ਮੰਗ ਦੀ ਆਵਾਜ਼ ਪਹੁੰਚਾਈ ਜਾਵੇਗੀ।

## ਪਿੰਡ ਗੁਲਾਬ ਗੜ੍ਹ ਵਿਖੇ ਨਵੀਂ ਦਾਣਾ ਮੰਡੀ ਬਣਾਉਣ ਲਈ ਸਫਾਈ ਅਭਿਆਨ ਸ਼ੁਰੂ ਕੀਤਾ ਗਿਆ

**ਤਲਵੰਡੀ ਸਾਬੋ (ਜਸਵਿੰਦਰ ਸਿੱਧੂ)** ਪਿੰਡ ਗੁਲਾਬ ਗੜ੍ਹ ਅਤੇ ਇਸ ਦੇ ਆਸਪਾਸ ਦੇ ਪਿੰਡਾਂ ਦੇ ਕਿਸਾਨਾਂ ਦੀ ਪਿਛਲੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਅੱਜ ਉਸ ਸਮੇਂ ਬੂਰ ਪੈਂਦਾ ਦਿਖਾਈ ਦੇ ਰਿਹਾ ਹੈ ਜਦੋਂ ਪਿੰਡ ਵਾਸੀਆਂ ਨੇ 4ਏਕੜ ਜਗਾਂ ਵਿਚ ਦਾਣਾ ਮੰਡੀ ਬਣਾਉਣ ਲਈ ਸਫਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਮੰਡੀ ਪਿੰਡ



ਗੁਲਾਬ ਗੜ੍ਹ ਤੋਂ ਕੋਟਸ਼ਮੀਰ ਨੂੰ ਜਾਂਦੇ ਰਸਤੇ ਤੇ ਬਣਨ ਜਾ ਰਹੀ ਹੈ। ਜਿਸ ਨਾਲ ਪਿੰਡ ਗੁਲਾਬ ਗੜ੍ਹ ਤੋਂ ਇਲਾਵਾ ਫ਼ੂਸ ਮੰਡੀ, ਕਟਾਰ ਸਿੰਘ ਵਾਲਾ ਤੇ ਆਸ ਪਾਸ ਦੇ ਪਿੰਡਾਂ ਦੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਦੀ ਸਹੂਲਤ ਮਿਲੇਗੀ। ਇਸ ਸਫ਼ਾਈ ਅਭਿਆਨ ਸ਼ੁਰੂ ਕਰਨ ਮੌਕੇ ਪਿੰਡ ਦੇ ਨੌਜਵਾਨ ਸਰਪੰਚ ਲੱਖਪ੍ਰੀਤ ਸਿੰਘ ਬਰਾੜ , ਜਗਰਾਜ ਸਿੰਘ ਪੰਚ,ਨੰਦ ਸਿੰਘ ਪੰਚ, ਗੁਰਦਿੱਤ ਸਿੰਘ ਪ੍ਰਧਾਨ,ਸੰਧੂਰਾ ਸਿੰਘ ਪੰਚ,ਭੋਲਾ ਸਿੰਘ ਸਾਬਕਾ ਸਰਪੰਚ, ਨਛੱਤਰ ਸਿੰਘ,ਤੇਜਾ ਸਿੰਘ, ਵਰਿੰਦਰ ਸਿੰਘ,ਦਾਰਾ ਸਿੰਘ, ਗੁਰਤੇਜ ਸਿੰਘਚੇਅਰਮੈਨ ਤੇਜ ਸਿੰਘ, ਬਲਦੇਵ ਸਿੰਘ ਬਲਦੀਪ ਸਿੰਘ ਚਾਨਣ ਸਿੰਘ,ਰਾਮ ਸਿੰਘ ਪੰਚ, ਹਰਪ੍ਰੀਤ ਸਿੰਘ ਪੰਚ ਗੁਰੂ ਘਰ ਦੇ ਸੇਵਕ ਬਾਬਾ ਸੁਖਚੈਨ ਸਿੰਘ ਜੀ ਨੇ ਆਪਣੇ ਪਿੰਡ ਨਵੀਂ ਬਣ ਰਹੀ ਦਾਣਾ ਮੰਡੀ ਦੀ ਸਾਫ ਸਫਾਈ ਲਈ ਅਰਦਾਸ ਕੀਤੀ ਗਈ।

## ਜਥੇਦਾਰ ਦਾਦੂਵਾਲ ਜੀ ਨੂੰ ਅਮਰੀਕਾ ਦੇ 250ਵੇਂ ਵਿਰਾਸਤੀ ਐਵਾਰਡ ਨਾਲ ਕੀਤਾ ਗਿਆ ਸਨਮਾਨਿਤ

**ਕਾਲਾਂਵਾਲੀ (ਪਵਨ ਸ਼ਰਮਾ)** ਵਾਸ਼ਿੰਗਟਨ ਡੀ. ਸੀ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਮਰੀਕਾ ਦੇ ਵੱਕਾਰੀ 250ਵੇਂ ਵਿਰਾਸਤੀ ਐਵਾਰਡ (250ਵੀ Legacy Award USA) ਨਾਲ ਸਨਮਾਨਿਤ ਕੀਤਾ ਗਿਆ।



ਇਹ ਸਨਮਾਨ ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀ।ਸੀ। ਦੇ ਪ੍ਰਸਿੱਧ ਮੇਅਫਲਾਵਰ ਹੋਟਲ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਭਰਵੀਂ ਹਾਜ਼ਰੀ ਵਿੱਚ ਪ੍ਰਦਾਨ ਕੀਤਾ ਗਿਆ। ਸਮਾਗਮ ਵਿੱਚ ਵੱਖ ਵੱਖ ਖੇਤਰਾਂ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ, ਕਾਰੋਬਾਰੀ ਆਗੂਆਂ, ਧਾਰਮਿਕ ਅਤੇ ਸਮਾਜਿਕ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਇਹ ਅਵਾਰਡ ਉਨ੍ਹਾਂ ਵੱਲੋਂ ਲੰਮੇ ਸਮੇਂ ਤੋਂ ਧਾਰਮਿਕ ਖੇਤਰ, ਕਮਿਊਨਿਟੀ ਸੇਵਾ ਅਤੇ ਸਿੱਖ ਵਿਰਾਸਤ ਦੇ ਪ੍ਰਚਾਰ੍ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਦਿੱਤਾ ਗਿਆ। ਉਨ੍ਹਾਂ ਵੱਲੋਂ ਗੁਰਮਤਿ ਵਿਚਾਰਧਾਰਾ, ਸਿੱਖੀ ਸਿਧਾਂਤਾਂ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਦੇਸ਼ ਵਿਦੇਸ਼ ਦੀਆਂ ਸੰਗਤਾਂ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਗਈ।
ਇਸ ਮੌਕੇ ਜਥੇਦਾਰ ਦਾਦੂਵਾਲ ਨੇ ਸਨਮਾਨ ਲਈ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿੱਖ ਵਿਰਾਸਤ ਸਮੁੱਚੀ ਮਨੁੱਖਤਾ ਨੂੰ ਸੇਵਾ, ਬਰਾਬਰੀ, ਭਾਈਚਾਰੇ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਸਿੱਖੀ ਦੇ ਸਰਬ੍ ਸਾਂਝੇ ਸੰਦੇਸ਼ ਨੂੰ ਵਿਸ਼ਵ ਪੱਧਰ ’ਤੇ ਹੋਰ ਮਜ਼ਬੂਤੀ ਨਾਲ ਪਹੁੰਚਾਉਣ ਲਈ ਪ੍ਰੇਰਨਾ ਦਿੰਦੇ ਹਨ।
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਮਿਲੇ ਇਸ ਵੱਡੇ ਅੰਤਰਰਾਸ਼ਟਰੀ ਸਨਮਾਨ ’ਤੇ ਅਮਰੀਕਾ ਦੀਆਂ ਵੱਖ੍ ਵੱਖ ਸਿੱਖ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਧਾਰਮਿਕ ਤੇ ਕਮਿਊਨਿਟੀ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਜਥੇਦਾਰ ਦਾਦੂਵਾਲ ਜੀ ਦੇ ਨਾਲ ਸਿੱਖ ਚਿੰਤਕ ਸਰਦਾਰ ਸੁਰਿੰਦਰ ਸਿੰਘ ਗਿੱਲ ਯੂ ਐਸ ਏ,ਸ੍ਰੀ ਸੁਬੇਗ ਸਿੰਘ ਮੁਲਤਾਨੀ ਨਿਊਯਾਰਕ,ਰਣਜੀਤ ਸਿੰਘ ਸਲਾਹਕਾਰ ਵਰਲਡ ਬੈਂਕ,ਸਤਿੰਦਰ ਸਿੰਘ ਕੰਗ ਵਾਸ਼ਿੰਗਟਨ,ਰਣਜੀਤ ਸਿੰਘ ਰਾਣਾ ਯੂ ਐਸ ਏ ਅਤੇ ਸ੍ਰੀ ਜਸਵਿੰਦਰ ਸਿੰਘ ਔਜਲਾ ਰਾਇਲ ਤਾਜ ਵੀ ਹਾਜ਼ਰ ਸਨ।

## ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦੀ ਸਿਫ਼ਾਰਸ਼ ਬੇਹੱਦ ਸ਼ਲਾਘਾਯੋਗ ਕਦਮ: ਦਵਿੰਦਰ ਸਿੰਘ ਸੋਢੀ

### ਕੇਂਦਰ ਅਤੇ ਰਾਜਪਾਲ ਬਿਨਾਂ ਕਿਸੇ ਦੇਰੀ ਦੇ ਭਾਈ ਹਵਾਰਾ ਨੂੰ ਦੇਣ ਪੈਰੋਲ ਅਤੇ ਬੰਦੀ ਸਿੰਘਾਂ ਦੀ ਕੀਤੀ ਜਾਵੇ ਰਿਹਾਈ: ਦਵਿੰਦਰ ਸਿੰਘ ਸੋਢੀ

**ਮਾਲੇਰਕੋਟਲਾ, 10 ਅਗਸਤ (ਪ੍ਰਵੀਨ ਕੁਮਾਰ)** ਸ਼੍ਰੋਮਣੀ ਅਕਾਲੀ ਦਲ (ਪੁਨਰਸਰਜੀਤ) ਦੇ ਜਨਰਲ ਸਕੱਤਰ ਅਤੇ ਬੁਲਾਰੇ ਦਵਿੰਦਰ ਸਿੰਘ ਸੋਢੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜੇਲ੍ਹ ਵਿੱਚ ਨਜ਼ਰਬੰਦ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਲਈ ਕੀਤੀ ਗਈ ਸਿਫ਼ਾਰਸ਼ ਦਾ ਸਵਾਗਤ ਕਰਦਿਆਂ ਇਸ ਨੂੰ ਬੇਹੱਦ ਸ਼ਲਾਘਾਯੋਗ ਕਦਮ ਦੱਸਿਆ ਹੈ।



ਮੀਡੀਆ ਦੇ ਨਾਂ ਜਾਰੀ ਇੱਕ ਬਿਆਨ ਵਿੱਚ ਦਵਿੰਦਰ ਸਿੰਘ ਸੋਢੀ ਨੇ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਦੀ ਬਿਰਧ ਮਾਤਾ ਜੀ ਲੰਮੇ ਸਮੇਂ ਤੋਂ ਗੰਭੀਰ ਬਿਮਾਰ ਹਨ ਅਤੇ ਬੈੱਡ ਤੇ ਹਨ। ਉਨ੍ਹਾਂ ਦੀ ਉਮਰ ਅਤੇ ਵਿਗੜ ਰਹੀ ਸਿਹਤ ਨੂੰ ਦੇਖਦਿਆਂ ਉਨ੍ਹਾਂ ਦੀਆਂ ਅੱਖਾਂ ਆਪਣੇ ਪੁੱਤਰ ਦੇ ਦਰਸ਼ਨਾਂ ਲਈ ਤਰਸ ਰਹੀਆਂ ਹਨ। ਅਜਿਹੇ ਮਾਨਵੀ ਹਾਲਾਤਾਂ ਵਿੱਚ ਭਾਈ ਹਵਾਰਾ ਦੀ ਆਪਣੇ ਪਰਿਵਾਰ ਅਤੇ ਮਾਤਾ ਜੀ ਕੋਲ ਪਹੁੰਚ ਬਹੁਤ ਜ਼ਰੂਰੀ ਹੈ।
ਦਵਿੰਦਰ ਸਿੰਘ ਸੋਢੀ ਨੇ ਕੇਂਦਰ ਸਰਕਾਰ ਅਤੇ ਪੰਜਾਬ ਦੇ ਰਾਜਪਾਲ ਕੋਲੋਂ ਜ਼ੋਰਦਾਰ ਮੰਗ ਕੀਤੀ ਕਿ ਬਿਨਾਂ ਕਿਸੇ ਦੇਰੀ ਦੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਮਨਜ਼ੂਰ ਕੀਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਮੰਗ ਕੀਤੀ ਕਿ ਲੰਮੇ ਸਮੇਂ ਤੋਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਬੰਦੀ ਸਿੰਘਾਂ ਨੂੰ ਵੀ ਤੁਰੰਤ ਰਿਹਾਅ ਕੀਤਾ ਜਾਵੇ।

## ਕਤਲ ਦੇ ਦੋਸ਼ੀ ਇੱਕ ਵਿਅਕਤੀ ਨੂੰ 6 ਘੰਟਿਆਂ ਵਿੱਚ ਕੀਤਾ ਗ੍ਰਿਫਤਾਰ

**ਸੁਨਾਮ ਊਧਮ ਸਿੰਘ ਵਾਲਾ 10 ਅਗਸਤ (ਰਾਉਵਰਿੰਦਰ ਸਿੰਘ ਮਠਾੜੂ)** ਬੀਤੇ ਦਿਨੀਂ ਸ਼ਹਿਰ ਵਿੱਚ ਹੋਏ ਇੱਕ ਵਿਅਕਤੀ ਦੇ ਕਤਲ



ਦੇ ਸੰਬੰਧ ਵਿੱਚ ਸੁਨਾਮ ਪੁਲਿਸ ਨੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਹੈ। ਪ੍ਰੈਸ ਕਾਨਫਰੰਸ ਦੌਰਾਨ ਕਤਲ ਦੀ ਜਾਣਕਾਰੀ ਦਿੰਦਿਆਂ ਡੀਐਸਪੀ ਹਰਵਿੰਦਰ ਸਿੰਘ ਖਹਿਰਾ ਨੇ ਦੱਸਿਆ ਕਿ 89 ਅਗਸਤ ਦੀ ਦਰਮਿਆਨੀ ਰਾਤ ਨੂੰ ਪੀਰ ਬੰਨਾ ਬਨੋਈ ਰੋਡ ਤੇ ਇੱਕ ਵਿਅਕਤੀ ਦਾ ਕਤਲ ਹੋ ਗਿਆ ਸੀ । ਜਿਸ ਪਰ ਇੰਸਪੈਕਟਰ ਪ੍ਰਤੀਕ ਜਿੰਦਲ ਐਸ ਐਚ ਓ ਸਮੇਤ ਪੁਲਿਸ ਪਾਰਟੀ ਦੇ ਕਾਰਵਾਈ ਕਰਦੇ ਹੋਏ ਜਤਿੰਦਰ ਕੁਮਾਰ ਉਰਫ ਨਿੱਕਾ ਪੁੱਤਰ ਬੁੱਧ ਰਾਮ ਵਾਸੀ ਪੀਰ ਬੰਨਾ ਬਨੋਈ ਰੋਡ ਸੁਨਾਮ ਦੇ ਮੁਕਦਮਾ ਨੰਬਰ 140 ਥਾਣਾ ਸਿਟੀ ਸੁਨਾਮ ਦਰਜ ਰਜਿਸਟਰ ਕੀਤਾ। ਡੀਐਸਪੀ ਖੈਹਿਰਾ ਨੇ ਦੱਸਿਆ ਕਿ ਮ੍ਰਿਤਕ ਰਾਹੁਲ ਕੁਮਾਰ ਉਕਤ ਦਾ ਦੋਸ਼ੀ ਜਤਿੰਦਰ ਕੁਮਾਰ ਉਰਫ ਨਿੱਕਾ ਨਾਲ ਕੁਝ ਦਿਨ ਪਹਿਲਾ ਲੜਾਈ ਝਗੜਾ ਹੋ ਗਿਆ ਸੀ। ਜਿਸ ਦੇ ਚੱਲਦਿਆ ਮਿਤੀ 0809 ਅਗਸਤ ਦੀ ਦਰਮਿਆਨੀ ਰਾਤ ਨੂੰ ਮ੍ਰਿਤਕ ਰਾਹੁਲ ਕੁਮਾਰ ਅਤੇ ਦੋਸ਼ੀ ਜਤਿੰਦਰ ਕੁਮਾਰ ਉਰਫ ਨਿੱਕਾ ਦਾ ਪੀਰ ਬੰਨਾ ਬਨੋਈ ਰੋਡ ਤੇ ਹੱਥੋ ਪਾਈ ਹੋ ਗਈ ਸੀ ਅਤੇ ਦੋਸੀ ਜਤਿੰਦਰ ਕੁਮਾਰ ਉਰਫ ਨਿੱਕਾ ਜੋ ਲੱਕੜ ਦਾ ਕੰਮਕਾਰ ਕਰਦਾ ਹੈ ਨੇ ਆਪਣੇ ਲੱਕੜੀ ਦੇ ਕੰਮ ਵਾਲਾ ਚੋਰਸਾ ਰਾਹੁਲ ਕੁਮਾਰ ਦੇ ਪਿੱਛੇ ਸਿਰ ਪਰ ਮਾਰਿਆ ਜਿਸ ਨਾਲ ਰਾਹੁਲ ਕੁਮਾਰ ਉਕਤ ਦੀ ਮੌਤ ਹੋ ਗਈ।
ਇੰਸਪੈਕਟਰ ਪ੍ਰਤੀਕ ਜਿੰਦਲ ਮੁੱਖ ਅਫਸ਼ਰ ਥਾਣਾ ਸੁਨਾਮ ਤੇ ਸ:ਥ: ਹਰਪ੍ਰੀਤ ਸਿੰਘ ਇੰਚ: ਚੌਂਕੀ ਸਿਟੀ ਸੁਨਾਮ ਦੀਆਂ ਟੀਮਾਂ ਵੱਲੋਂ ਤਕਨੀਕੀ ਢੰਗ ਨਾਲ ਤਫਤੀਸ਼ ਕਰਦੇ ਹੋਏ 06 ਘੰਟਿਆਂ ਦੇ ਦਰਮਿਆਨ ਹੀ ਮੁਕੱਦਮਾ ਵਿੱਚ ਠੋਸ਼ ਸਬੂਤ ਇਕੱਠੇ ਕਰਦੇ ਹੋਏ ਦੋਸ਼ੀ ਜਤਿੰਦਰ ਕੁਮਾਰ ਉਰਫ ਨਿੱਕਾ ਨੂੰ ਗ੍ਰਿਫਤਾਰ ਕੀਤਾ ਗਿਆ।
ਦੌਰਾਨੇ ਤਫਤੀਸ਼ ਦੋਸ਼ੀ ਜਤਿੰਦਰ ਕੁਮਾਰ ਉਰਫ ਨਿੱਕਾ ਉਕਤ ਪਾਸੋਂ ਵਾਰਦਾਤ ਸਮੇਂ ਵਰਤਿਆ ਗਿਆ ਤੇਜ਼ ਧਾਰ ਹਥਿਆਰ (ਲਕੜੀ ਦਾ ਕੰਮ ਕਰਨ ਵਾਲਾ ਚੌਰਸਾ) ਅਤੇ ਦੋਸ਼ੀ ਉਕਤ ਦੇ ਖੂਨ ਅਲੂਦ ਕੱਪੜੇ ਬ੍ਰਾਮਦ ਕਰਵਾਏ ਗਏ। ਮੁਕੱਦਮਾ ਹਜਾ ਦੀ ਡੂਘਾਈ ਨਾਲ ਤਫਤੀਸ਼ ਕੀਤੀ ਜਾ ਰਹੀ ਹੈ।

## ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਸੰਘਰਸ਼ ਤੇਜ਼ ਕਰਨ ਦਾ ਐਲਾਨ

**ਮਾਲੇਰਕੋਟਲਾ,10 ਅਗਸਤ (ਪ੍ਰਵੀਨ ਕੁਮਾਰ)** ਪੰਜਾਬ ਸਟੇਟ ਪਾਵਰਕਾਮ ਅਤੇ ਟਰਾਂਸਕੋ ਦੇ ਪੈਨਸ਼ਨਰਾਂ ਦੀ ਮਹੀਨਾਵਾਰ ਮੀਟਿੰਗ ਮੰਡਲ ਦਫ਼ਤਰ ਮਾਲੇਰਕੋਟਲਾ ਵਿਖੇ ਮੰਡਲ ਕਮੇਟੀ ਦੇ ਪ੍ਰਧਾਨ ਸ ਜਰਨੈਲ ਸਿੰਘ ਪੰਜਗਰਾਈਆਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਆਰੰਭ ਵਿੱਚ ਪਿਛਲੇ ਸਮੇਂ ਦੌਰਾਨ ਵਿਛੜੇ ਸਾਥੀਆਂ ਨੂੰ 2 ਮਿੰਟ ਦਾ ਮੌਣ ਰੱਖ ਕੇ ਸ਼ਰਧਾਂਜ਼ਲੀ ਦਿੱਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਬੁਲਾਰਿਆਂ ਨੇ ਮਿਤੀ 07/08/2026 ਨੂੰ ਚੰਡੀਗੜ੍ਹ ਵਿਖੇ ਹੋਈ ਮਹਾਂਰੈਲੀ ਦੀ ਸਫ਼ਲਤਾ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਸਰਕਾਰ ਵੱਲੋਂ ਉਸ ਦਿਨ ਹੋਏ ਰੋਸ ਮਾਰਚ ’ਤੇ ਪਾਣੀ ਦੀਆਂ ਬੁਛਾੜਾਂ ਮਾਰ ਕੇ ਬਹੁਤ ਮੁਲਾਜ਼ਮਾਂ ਨੂੰ ਜ਼ਖ਼ਮੀ ਕੀਤੇ ਜਾਣ ਦੀ ਪੁਰਜ਼ੋਰ ਨਿੰਦਾ ਕੀਤੀ ਗਈ। ਸਰਵ ਸ੍ਰੀ ਇਕਬਾਲ ਸਿੰਘ, ਮਿਰਜ਼ਾ ਸਿੰਘ, ਅਜੀਤ ਸਿੰਘ, ਹਰਬੰਸ ਲਾਲ, ਅਨਵਾਰ ਅਹਿਮਦ, ਬਸ਼ੀਰ ਉਲ ਹੱਕ, ਹਰਮਿੰਦਰ ਕੁਮਾਰ, ਪਵਿੱਤਰ ਸਿੰਘ, ਗੋਬਿੰਦ ਕਾਂਤ, ਰਤਨ ਸਿੰਘ ਆਦਿ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੇ ਨਾਲ ਟਕਰਾਅ ਦੀ ਨੀਤੀ ਤਿਆਗ ਕੇ, ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ, ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਨਿੱਜੀ ਕਰਨ ਅਤੇ ਆਰਥਿਕ ਨੀਤੀਆਂ ਦੀ ਨਿਖੇਧੀ ਕੀਤੀ ਗਈ, ਡੀ.ਏ 18 ਪ੍ਰਤੀਸ਼ਤ ਤੁਰੰਤ ਦੇਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਕਾਮੇ ਪੱਕੇ ਕਰਨ, ਪੈਨਸ਼ਨਰ ਸਾਥੀਆਂ ਨੂੰ 2.59 ਦੇ ਫੈਕਟਰ ਦਾ ਸਕੇਲ ਦੇਣ ਦੀ ਮੰਗ ਕੀਤੀ ਗਈ। ਅਜਿਹਾ ਨਾ ਹੋਣ ਦੀ ਸੂਰਤ ਵਿੱਚ ਆਉਣ ਵਾਲੇ ਸਮੇਂ ਵਿੱਚ ਪੰਜਾਬ ਸਰਕਾਰ ਨੂੰ ਇਸ ਦਾ ਖ਼ਾਮਿਆਜ਼ਾ ਭੁਗਤਣਾ ਪਵੇਗਾ। ਸਾਰੇ ਸਾਥੀਆਂ ਨੂੰ ਮੁਲਾਜ਼ਮ ਅਤੇ ਪੈਨਸ਼ਨਰਜ਼ ਫਰੰਟ ਪੰਜਾਬ ਦੇ ਸੱਦੇ ’ਤੇ 27 ਅਗਸਤ ਦੇ ਪ੍ਰੋਗਰਾਮ ਨੂੰ ਵਧ ਚੜ੍ਹ ਕੇ ਸਫ਼ਲ ਬਣਾਉਣ ਦੀ ਅਪੀਲ ਕੀਤੀ ਗਈ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਪਰਮਜੀਤ ਸ਼ਰਮਾ ਵੱਲੋਂ ਨਿਭਾਈ ਗਈ।



## ਥਰਮਲ ਦੇ ਪੈਨਸ਼ਨਰਾਂ ਨੂੰ ਸੰਘਰਸ਼ ਹੋਰ ਤੇਜ਼ ਕਰਨ ਦਾ ਦਿੱਤਾ ਸੱਦਾ- ਪ੍ਰਧਾਨ

**ਬਠਿੰਡਾ, ਬਾਲਿਆਂਵਾਲੀ, 10 ਅਗਸਤ (ਨਸੀਬ ਸ਼ਰਮਾ)** ਪਲਾਂਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਪੈਨਸ਼ਨਰ ਭਵਨ, ਬਠਿੰਡਾ ਵਿਖੇ ਪ੍ਰਧਾਨ ਮਨਜੀਤ ਸਿੰਘ ਧੰਜਲ ਦੀ ਅਗਵਾਈ ਹੇਠ ਹੋਈ। ਸਕੱਤਰ ਗੁਰਮੇਲ ਸਿੰਘ ਖਾਲਸਾ ਨੇ ਚੱਲ ਰਹੇ ਸੰਘਰਸ਼ ਅਤੇ ਲਟਕਦੀਆਂ ਮੰਗਾਂ ਬਾਰੇ ਜਾਣਕਾਰੀ ਦਿੱਤੀ।
ਬਲਵੀਰ ਸਿੰਘ ਮਿਠੜੀ, ਕਰਤਾਰ ਸਿੰਘ ਬਰਾੜ, ਸੁਰੇਸ਼ ਕੁਮਾਰ ਸੇਤੀਆ, ਹਰਜੀਤ ਸਿੰਘ ਲਹਿਰੀ, ਸੂਬਾ ਸਿੰਘ, ਸਤਪਾਲ ਸਿੰਘ ਅਤੇ ਆਈ।ਡੀ। ਕਟਾਰੀਆ ਸਮੇਤ ਬੁਲਾਰਿਆਂ ਨੇ ਸਰਕਾਰ ਵੱਲੋਂ ਮੰਗਾਂ ਅਣਗੌਲੀਆਂ ਕਰਨ ਦੀ ਨਿੰਦਾ ਕਰਦਿਆਂ ਸੰਘਰਸ਼ ਹੋਰ ਤੇਜ਼ ਕਰਨ ਦੀ ਗੱਲ ਕੀਤੀ। ਥਰਮਲ ਬਠਿੰਡਾ ਦੇ ਪ੍ਰਧਾਨ ਮਨਜੀਤ ਸਿੰਘ ਧੰਜਲ ਨੇ ਪ੍ਰੈਸ ਨੋਟ ਜਾਰੀ ਕਰਦਿਆ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ
ਉਨ੍ਹਾਂ ਨੇ 7 ਅਗਸਤ ਚੰਡੀਗੜ੍ਹ ਮਹਾਂ ਰੈਲੀ ਦੀ ਸਫਲਤਾ ਲਈ ਸ਼ਮੂਲੀਅਤ ਕਰਨ ਵਾਲਿਆਂ ਅਤੇ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਕੀਤਾ।
ਪੈਨਸ਼ਨ, ਡੀ.ਏ, ਕੈਸ਼ਲੈਸ ਮੈਡੀਕਲ ਆਦਿ ਮੰਗਾਂ ਲਈ ਹਰ ਪੱਧਰ ’ਤੇ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ। ਲੋੜ ਪੈਣ ’ਤੇ ਸੁਪਰੀਮ ਕੋਰਟ ਤੱਕ ਕਾਨੂੰਨੀ ਲੜਾਈ ਲੜਨ ਦੀ ਤਿਆਰੀ ਵੀ ਜਤਾਈ ਗਈ।



ਸੰਘਰਸ਼ ਦੌਰਾਨ ਆਈਆਂ ਕਮੀਆਂ ਦੂਰ ਕਰਨ ਅਤੇ ਆਊਟਸੋਰਸ ਮੁਲਾਜ਼ਮਾਂ ਦੀ ਹੜਤਾਲ ਦੇ ਹੱਕ ਵਿੱਚ ਮਤਾ ਪਾਸ ਕੀਤਾ ਗਿਆ।
ਪ੍ਰਧਾਨ ਮਨਜੀਤ ਸਿੰਘ ਧੰਜਲ ਨੇ ਪਿਛਲੇ ਪ੍ਰੋਗਰਾਮਾਂ ਦੀ ਜਾਣਕਾਰੀ ਦਿੱਤੀ, ਜਿਨ੍ਹਾਂ ਵਿੱਚ ਤਲਵੰਡੀ ਸਾਬੋ ਰੋਸ ਮਾਰਚ, ਸੰਗਰੂਰ ਰੈਲੀ ਅਤੇ ਚੰਡੀਗੜ੍ਹ ਮਹਾਂ ਰੈਲੀ ਸ਼ਾਮਲ ਹਨ। ਮੀਟਿੰਗ ਦੇ ਅੰਤ ਵਿੱਚ ਹਾਜ਼ਰ ਸਾਰੇ ਮੈਂਬਰਾਂ ਨੂੰ ਮੀਟਿੰਗ ਵਿੱਚ ਸ਼ਾਮਲ ਹੋਣ ਅਤੇ ਸੰਘਰਸ਼ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਲਈ ਧੰਨਵਾਦ ਕੀਤਾ ਅਤੇ ਆਉਣ ਵਾਲੇ ਹਰੇਕ ਸੰਘਰਸ਼ ਲਈ ਤਿਆਰ ਬਰ ਤਿਆਰ ਰਹਿਣ ਲਈ ਅਪੀਲ ਕੀਤੀ।










# ਪਿੰਡ ਪਥਰਾਲਾ ਦੇ ਸੀ.ਆਰ.ਪੀ.ਐਫ ਸਬ-ਇੰਸਪੈਕਟਰ ਜਸਵਿੰਦਰ ਸਿੰਘ ਦੀ ਕਰੰਟ ਲੱਗਣ ਨਾਲ ਮੌਤ

## ਪਰਿਵਾਰ ਅਤੇ ਪਿੰਡ ਪਥਰਾਲਾ ਵਿੱਚ ਸੋਗ ਦੀ ਲਹਿਰ, ਸੀ.ਆਰ.ਪੀ.ਐਫ ਜਵਾਨਾਂ ਵੱਲੋਂ ਦਿੱਤੀ ਗਈ ਸਲਾਮੀ



ਬਠਿੰਡਾ 10 ਅਗਸਤ (ਜਸਵੀਰ ਸਿੰਘ ਸਿੱਧੂ) ਬਠਿੰਡਾ ਜ਼ਿਲ੍ਹੇ ਦੇ ਪਿੰਡ ਪਥਰਾਲਾ ਲਈ ਬੇਹੱਦ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਪਿੰਡ ਦੇ ਰਹਿਣ ਵਾਲੇ ਅਤੇ ਸੀ ਆਰ ਪੀ ਐਫ ਵਿੱਚ ਸਬ੍ ਇੰਸਪੈਕਟਰ ਵਜੋਂ ਸੇਵਾਵਾਂ ਨਿਭਾਅ ਰਹੇ ਜਸਵਿੰਦਰ ਸਿੰਘ ਸਪੁੱਤਰ ਸਰਦਾਰ ਸੁਖਦੇਵ ਸਿੰਘ ਦੀ ਕਰੰਟ ਲੱਗਣ ਕਾਰਨ ਮੌਤ ਹੋ ਗਈ। ਉਹ ਪਿਛਲੇ ਦਿਨੀ ਘਰ ਪੰਦਰਾਂ ਦਿਨਾਂ ਦੀ ਛੁੱਟੀ ’ਤੇ ਆਏ ਹੋਏ ਸਨ। ਇਸ ਦੁਖਦਾਈ ਘਟਨਾ ਦੀ ਖ਼ਬਰ ਮਿਲਦਿਆਂ ਹੀ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਪਿੰਡ ਵਾਸੀਆਂ ਵਿੱਚ ਸੋਗ ਦੀ ਲਹਿਰ ਦੌੜ ਗਈ।

ਜਾਣਕਾਰੀ ਅਨੁਸਾਰ ਜਸਵਿੰਦਰ ਸਿੰਘ ਆਪਣੀ ਛੁੱਟੀ ਦੌਰਾਨ ਘਰ ਆਏ ਹੋਏ ਸਨ। ਇਸੇ ਦੌਰਾਨ ਕਰੰਟ ਲੱਗਣ ਕਾਰਨ ਉਹ ਗੰਭੀਰ ਰੂਪ ਵਿੱਚ ਪ੍ਰਭਾਵਿਤ ਹੋ ਗਏ। ਪਰਿਵਾਰਕ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਇਲਾਜ ਲਈ ਲਿਜਾਣ ਦੀ ਕੋਸ਼ਿਸ਼ ਕੀਤੀ ਗਈ, ਪਰ ਉਨ੍ਹਾਂ ਨੂੰ ਬਚਾਇਆ ਨਹੀਂ ਜਾ ਸਕਿਆ। ਉਨ੍ਹਾਂ ਦੀ ਮੌਤ ਦੀ ਖ਼ਬਰ ਨਾਲ ਪਰਿਵਾਰ ’ਤੇ ਦੁੱਖਾਂ ਦਾ ਪਹਾੜ ਟੁੱਟ ਪਿਆ। ਜਸਵਿੰਦਰ ਸਿੰਘ ਦੇਸ਼ ਦੀ ਸੇਵਾ ਲਈ ਸੀ ਆਰ ਪੀ ਐਫ ਵਿੱਚ ਆਪਣੀਆਂ ਜ਼ਿੰਮੇਵਾਰੀਆਂ ਨਿਭਾਅ ਰਹੇ ਸਨ। ਉਨ੍ਹਾਂ ਦੀ ਮੌਤ ਨਾਲ ਪਿੰਡ ਪਥਰਾਲਾ ਵਾਸੀਆਂ ਵਿੱਚ ਵੀ ਡੂੰਘਾ ਦੁੱਖ ਪਾਇਆ ਜਾ ਰਿਹਾ ਹੈ। ਪਿੰਡ ਵਾਸੀਆਂ ਨੇ ਜਸਵਿੰਦਰ ਸਿੰਘ ਨੂੰ ਇੱਕ ਮਿਹਨਤੀ, ਜ਼ਿੰਮੇਵਾਰ ਅਤੇ ਦੇਸ਼ ਪ੍ਰਤੀ ਸਮਰਪਿਤ ਸੇਵਾਦਾਰ ਵਜੋਂ ਯਾਦ ਕਰਦਿਆਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਉਹਨਾਂ ਦੇ ਪਵਿੱਤਰ ਦੇ ਦਾ ਅੰਤਿਮ ਸੰਸਕਾਰ ਪਿੰਡ ਪਥਰਾਲਾ ਦੇ ਰਾਮਬਾਗ ਵਿੱਚ ਕੀਤਾ ਗਿਆ। ਅੰਤਿਮ ਵਿਦਾਈ ਮੌਕੇ ਸੀ ਆਰ ਪੀ ਐਫ ਦੇ ਜਵਾਨਾਂ ਵੱਲੋਂ ਆਪਣੇ ਸਾਥੀ ਸਬ੍ ਇੰਸਪੈਕਟਰ ਨੂੰ ਸਨਮਾਨਪੂਰਵਕ ਸਲਾਮੀ ਦਿੱਤੀ ਗਈ। ਇਸ ਮੌਕੇ ਦਾ ਮਾਹੌਲ ਬੇਹੱਦ ਭਾਵੁਕ ਸੀ। ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਦੀਆਂ ਅੱਖਾਂ ਨਮ ਸਨ ਅਤੇ ਹਰ ਕੋਈ ਜਸਵਿੰਦਰ ਸਿੰਘ ਦੀ ਅਚਾਨਕ ਹੋਈ ਮੌਤ ’ਤੇ ਦੁੱਖ ਦਾ ਪ੍ਰਗਟਾਵਾ ਕਰ ਰਿਹਾ ਸੀ।

ਪਿੰਡ ਵਾਸੀਆਂ ਨੇ ਕਿਹਾ ਕਿ ਜਸਵਿੰਦਰ ਸਿੰਘ ਨੇ ਆਪਣੀ ਜ਼ਿੰਦਗੀ ਦਾ ਮਹੱਤਵਪੂਰਨ ਹਿੱਸਾ ਦੇਸ਼ ਦੀ ਸੇਵਾ ਨੂੰ ਸਮਰਪਿਤ ਕੀਤਾ। ਉਨ੍ਹਾਂ ਦੀ ਅਚਾਨਕ ਵਿਛੋੜੇ ਨਾਲ ਪਰਿਵਾਰ ਨੂੰ ਹੀ ਨਹੀਂ, ਸਗੋਂ ਪੂਰੇ ਪਿੰਡ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਲੋਕਾਂ ਨੇ ਪਰਮਾਤਮਾ ਅੱਗੇ ਵਿਛੜੀ ਰੂਹ ਦੀ ਸ਼ਾਂਤੀ ਅਤੇ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਬਖ਼ਸ਼ਣ ਦੀ ਅਰਦਾਸ ਕੀਤੀ। ਕਲੱਬ ਪ੍ਰਧਾਨ ਸੁਖਪਾਲ ਸਿੰਘ ਪਾਲਾ ਅਤੇ ਗ੍ਰਾਮ ਪੰਚਾਇਤ ਪਿੰਡ ਪਥਰਾਲਾ ਵਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਜਵਾਨ ਪਰਿਵਾਰ ਨੂੰ ਸਾਰੀਆਂ ਬਣਦੀਆਂ ਸਹੂਲਤਾਂ ਦਿੱਤੀਆ ਜਾਣ ਅਤੇ ਪਰਿਵਾਰ ਦੇ ਇੱਕ ਮੈਂਬਰ ਸਰਕਾਰੀ ਨੌਕਰੀ ਅਤੇ ਸਬ੍ਇੰਸਪੈਕਟਰ ਦੀ ਯਾਦ ਵਿੱਚ ਪਿੰਡ ਪਥਰਾਲਾ ਵਿਖੇ ਯਾਦਗਾਰ ਬਣਾਈ ਜਾਵੇ।

# ਸਰਕਾਰੀ ਸਕੂਲਾਂ ਵਿੱਚ 25 ਫੀਸਦੀ ਅਧਿਆਪਕ ਅਸਾਮੀਆਂ ਖਾਲੀ, ‘ਸਿੱਖਿਆ ਕ੍ਰਾਂਤੀ’ ਦੇ ਦਾਅਵੇ ਖੋਖਲੇ: ਦਲਜਿੰਦਰਬੀਰ ਸਿੰਘ ਵਿਰਕ

ਅੰਮ੍ਰਿਤਸਰ 10 ਅਗਸਤ (ਕਰਮ ਸਿੰਘ/ਲਵਪ੍ਰੀਤ ਸਿੰਘ ਗਿੱਲ) ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਤਰਜੀਹ ਦੇਣ ਅਤੇ ਸਰਕਾਰੀ ਸਕੂਲਾਂ ਵਿੱਚ ‘ਸਿੱਖਿਆ ਕ੍ਰਾਂਤੀ’ ਲਿਆਉਣ ਦੇ ਕੀਤੇ ਜਾ ਰਹੇ ਦਾਅਵਿਆਂ ’ਤੇ ਸਵਾਲ ਖੜ੍ਹੇ ਕਰਦਿਆਂ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਜ਼ਿਲ੍ਹਾ ਪ੍ਰਧਾਨ ਦਿਹਾਤੀ ਅੰਮ੍ਰਿਤਸਰ ਦਲਜਿੰਦਰਬੀਰ ਸਿੰਘ ਵਿਰਕ ਨੇ ਕਿਹਾ ਕਿ ਸਰਕਾਰ ਦੇ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿੱਚ ਵੱਡਾ ਫਰਕ ਹੈ। ਵਿਰਕ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਅਨੁਸਾਰ ਸਰਕਾਰੀ ਸਕੂਲਾਂ ਵਿੱਚ ਲਗਭਗ 25 ਫੀਸਦੀ ਅਧਿਆਪਕ ਅਸਾਮੀਆਂ ਖਾਲੀ ਪਈਆਂ ਹਨ। ਇਹ ਅੰਕੜੇ ਆਪਣੇ ਆਪ ਵਿੱਚ ਸਰਕਾਰ ਦੇ ਸਿੱਖਿਆ ਪ੍ਰਬੰਧ ਦੀ ਗੰਭੀਰ ਤਸਵੀਰ ਪੇਸ਼ ਕਰਦੇ ਹਨ। ਜਦੋਂ ਹਜ਼ਾਰਾਂ ਅਸਾਮੀਆਂ ਖਾਲੀ ਹੋਣ ਅਤੇ ਸਕੂਲਾਂ ਵਿੱਚ ਲੋੜੀਂਦੇ ਅਧਿਆਪਕ ਹੀ ਮੌਜੂਦ ਨਾ ਹੋਣ, ਤਾਂ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਡੇਵੱਡੇ ਦਾਅਵਿਆਂ ਦੀ ਹਕੀਕਤ ਲੋਕਾਂ ਸਾਹਮਣੇ ਆ ਜਾਂਦੀ ਹੈ। ਉਨ੍ਹਾਂ ਕਿਹਾ ਕਿ ਮਾਸਟਰ ਕੈਡਰ, ਲੈਕਚਰਾਰ ਅਤੇ ਖ਼ਾਸ ਕਰਕੇ ਸਪੈਸ਼ਲ ਐਜੂਕੇਟਰਾਂ ਦੀ ਘਾਟ ਸਿਰਫ਼ ਪ੍ਰਸ਼ਾਸਨਿਕ ਕਮੀ ਨਹੀਂ, ਸਗੋਂ ਇਸ ਦਾ ਸਿੱਧਾ ਪ੍ਰਭਾਵ ਪੰਜਾਬ ਦੇ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਭਵਿੱਖ ’ਤੇ ਪੈ ਰਿਹਾ ਹੈ। ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਨੂੰ ਪੂਰਾ ਸਟਾਫ਼ ਅਤੇ ਗੁਣਵੱਤਾ ਵਾਲੀ ਸਿੱਖਿਆ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਹੈ, ਨਾ ਕਿ ਸਿਰਫ਼ ਚੋਣੀ ਨਾਅਰਾ।

ਦਲਜਿੰਦਰਬੀਰ ਸਿੰਘ ਵਿਰਕ ਨੇ ਕਿਹਾ ਕਿ ਭਰਤੀਆਂ ਦੇ ਐਲਾਨ, ਨਵੀਆਂ ਤਰੀਕਾਂ ਅਤੇ ਵਾਰ੍ਵਾਰ ਕੀਤੇ ਜਾ ਰਹੇ ਵਾਅਦੇ ਖਾਲੀ ਅਸਾਮੀਆਂ ਨੂੰ ਨਹੀਂ ਭਰਦੇ। ਜੇਕਰ ਸਰਕਾਰ ਸੱਚਮੁੱਚ ਸਿੱਖਿਆ ਨੂੰ ਆਪਣੀ ਤਰਜੀਹ ਮੰਨਦੀ ਹੈ



ਤਾਂ ਉਸਨੂੰ ਬਿਆਨਾਂ ਅਤੇ ਇਸ਼ਤਿਹਾਰਾਂ ਤੋਂ ਅੱਗੇ ਵਧ ਕੇ ਸਕੂਲਾਂ ਵਿੱਚ ਅਧਿਆਪਕ ਪਹੁੰਚਾਉਣੇ ਪੈਣਗੇ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਾਰੀਆਂ ਖਾਲੀ ਅਧਿਆਪਕ ਅਸਾਮੀਆਂ ਦੀ ਕੈਡਰ੍ਵਾਈਜ਼ ਅਤੇ ਸਕੂਲ-ਵਾਈਜ਼ ਜਾਣਕਾਰੀ ਜਨਤਕ ਕੀਤੀ ਜਾਵੇ, ਭਰਤੀ ਪ੍ਰਕਿਰਿਆ ਲਈ ਸਪੱਸ਼ਟ ਸਮਾਂ-ਸੀਮਾ ਤੈਅ ਕੀਤੀ ਜਾਵੇ ਅਤੇ ਸਾਰੀਆਂ ਅਸਾਮੀਆਂ ਨੂੰ ਸਮੇਂਬੱਧ ਢੰਗ ਨਾਲ ਭਰਿਆ ਜਾਵੇ। ਵਿਰਕ ਨੇ ਚੇਤਾਵਨੀ ਦਿੱਤੀ ਕਿ ਪੰਜਾਬ ਦੇ ਬੱਚਿਆਂ ਦੇ ਭਵਿੱਖ ਨਾਲ ਸਮਝੌਤਾ ਕਰਕੇ ਕੋਈ ਵੀ ਸਰਕਾਰ ‘ਸਿੱਖਿਆ ਕ੍ਰਾਂਤੀ’ ਦਾ ਸਿਹਰਾ ਆਪਣੇ ਸਿਰ ਨਹੀਂ ਬੰਨ੍ਹ ਸਕਦੀ। ਸਰਕਾਰ ਨੂੰ ਹੁਣ ਦਾਅਵਿਆਂ ਦੀ ਨਹੀਂ, ਸਗੋਂ ਨਤੀਜਿਆਂ ਦੀ ਰਾਜਨੀਤੀ ਕਰਨੀ ਚਾਹੀਦੀ ਹੈ।

# 15 ਅਗਸਤ ਦੇ ਮੱਦੇਨਜ਼ਰ ਪੁਲਿਸ ਦੀ ਸਖ਼ਤ ਨਾਕਾਬੰਦੀ, ਚੈਕਿੰਗ ਦੌਰਾਨ ਇੱਕ ਸ਼ੱਕੀ ਵਿਅਕਤੀ ਵੀ ਕਾਬੂ





ਅੰਮ੍ਰਿਤਸਰ 10 ਅਗਸਤ (ਕਰਮ ਸਿੰਘ/ ਲਵਪ੍ਰੀਤ ਸਿੰਘ ਗਿੱਲ) 15 ਅਗਸਤ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਸਖ਼ਤ ਕਰ ਦਿੱਤਾ ਗਿਆ ਹੈ। ਸ਼ਹਿਰ ਦੇ ਵੱਖ੍ਵੱਖ ਹਿੱਸਿਆਂ ਵਿੱਚ ਪੁਲਿਸ ਵੱਲੋਂ ਵਿਸ਼ੇਸ਼ ਨਾਕਾਬੰਦੀ ਕਰਕੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਜਾ ਰਹੀ ਹੈ।

ਚੈਕਿੰਗ ਦੌਰਾਨ ਖ਼ਾਸ ਤੌਰ ’ਤੇ ਬਿਨਾਂ ਹੈਲਮਟ ਦੇ ਦੋਪਹੀਆ ਵਾਹਨ ਚਲਾਉਣ ਵਾਲਿਆਂ, ਅਧੂਰੇ ਦਸਤਾਵੇਜ਼ਾਂ ਵਾਲੇ ਵਾਹਨ ਚਾਲਕਾਂ, ਮੂੰਹ ਢੱਕ ਕੇ ਮੋਟਰਸਾਈਕਲ ਚਲਾਉਣ ਵਾਲਿਆਂ ਅਤੇ ਟ੍ਰਿਪਲ ਰਾਈਡਿੰਗ ਕਰਨ ਵਾਲਿਆਂ ’ਤੇ ਪੁਲਿਸ ਦੀ ਨਜ਼ਰ ਹੈ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕੀਤੀ ਜਾ ਰਹੀ ਹੈ।

ਇਸੇ ਦੌਰਾਨ ਚੈਕਿੰਗ ਦੌਰਾਨ ਪੁਲਿਸ ਨੂੰ ਇੱਕ ਸ਼ੱਕੀ ਵਿਅਕਤੀ ਵੀ ਮਿਲਿਆ, ਜਿਸ ਦੀ ਪੁੱਛਗਿੱਛ ਅਤੇ ਤਸਦੀਕ ਕੀਤੀ ਜਾ ਰਹੀ ਹੈ।

ਪੁਲਿਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਆਪਣੇ ਵਾਹਨਾਂ ਦੇ ਸਾਰੇ ਜ਼ਰੂਰੀ ਦਸਤਾਵੇਜ਼ ਨਾਲ ਰੱਖਣ ਅਤੇ ਸ਼ੱਕੀ ਗਤੀਵਿਧੀ ਨਜ਼ਰ ਆਉਣ ’ਤੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ।

# ਮਿੰਨੀ ਛਪਾਰ ਵਿਖੇ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ

ਅਹਿਮਦਗੜ੍ਹ, 10 ਅਗਸਤ (ਪ੍ਰਿੰਸ ਸ਼ਰਮਾ) ਮਿੰਨੀ ਛਪਾਰ ਵਿਖੇ ਪੰਚਾਇਤ ਮੈਂਬਰ ਸ੍ਰੀਮਤੀ ਪਰਮਜੀਤ ਕੌਰ ਦੀ ਅਗਵਾਈ ਹੇਠ ਤੀਆਂ ਦਾ



ਤਿਉਹਾਰ ਬੜੇ ਹੀ ਉਤਸ਼ਾਹ ਅਤੇ ਪੰਜਾਬੀ ਸੱਭਿਆਚਾਰਕ ਰੰਗਾਂ ਨਾਲ ਮਨਾਇਆ ਗਿਆ । ਸਮਾਗਮ ਦੌਰਾਨ ਪਿੰਡ ਦੀਆਂ ਧੀਆਂ੍ਭੈਣਾਂ ਨੇ ਗਿੱਧਾ, ਬੋਲੀਆਂ ਅਤੇ ਰਵਾਇਤੀ ਰਸਮਾਂ ਰਾਹੀਂ ਪੰਜਾਬ ਦੇ ਅਮੀਰ ਵਿਰਸੇ ਨੂੰ ਜੀਵੰਤ ਕਰਦਿਆਂ ਖੂਬ ਰੌਣਕਾਂ ਲਾਈਆਂ । ਇਸ ਮੌਕੇ ਸਟੇਟ ਅਵਾਰਡੀ ਸ੍ਰੀ ਰਾਕੇਸ਼ ਗਰਗ ਅਤੇ ਕੁਲਦੀਪ ਸਿੰਘ ਬੋਪਾਰਾਏ ਸਰਪੰਚ ਪਿੰਡ ਛਪਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਮਾਗਮ ਵਿੱਚ ਪਹੁੰਚੀਆਂ ਧੀਆਂ੍ਭੈਣਾਂ ਦੀ ਹੌਸਲਾ ਅਫਜਾਈ ਕੀਤੀ । ਇਸ ਦੌਰਾਨ ਸ੍ਰੀ ਰਾਕੇਸ਼ ਗਰਗ ਨੇ ਕਿਹਾ ਕਿ ਤੀਆਂ ਪੰਜਾਬੀ ਸੱਭਿਆਚਾਰ ਦਾ ਅਨਮੋਲ ਹਿੱਸਾ ਹਨ, ਜੋ ਸਾਨੂੰ ਆਪਣੀਆਂ ਪੁਰਾਣੀਆਂ ਰਵਾਇਤਾਂ, ਲੋਕ ਗੀਤਾਂ, ਬੋਲੀਆਂ ਅਤੇ ਲੋਕ ਨਾਚਾਂ ਨਾਲ ਜੋੜਦੀਆਂ ਹਨ । ਉਨ੍ਹਾਂ ਕਿਹਾ ਕਿ ਆਧੁਨਿਕਤਾ ਦੇ ਦੌਰ ਵਿੱਚ ਅਜਿਹੇ ਸਮਾਗਮ ਕਰਵਾਉਣਾ ਸਮੇਂ ਦੀ ਲੋੜ ਹੈ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਵਿਰਸੇ ਨਾਲ ਜੋੜ ਕੇ ਰੱਖਿਆ ਜਾ ਸਕੇ । ਪੰਚ ਸ੍ਰੀਮਤੀ ਪਰਮਜੀਤ ਕੌਰ ਨੇ ਸਮਾਗਮ ਵਿੱਚ ਸ਼ਾਮਲ ਹੋਣ ਵਾਲੀਆਂ ਸਮੂਹ ਧੀਆਂ੍ਭੈਣਾਂ ਅਤੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਤੀਆਂ ਦੇ ਤਿਉਹਾਰ ਦਾ ਮੁੱਖ ਮਕਸਦ ਔਰਤਾਂ ਨੂੰ ਇੱਕ ਸਾਂਝੇ ਮੰਚ ’ਤੇ ਇਕੱਠਾ ਕਰਕੇ ਪੰਜਾਬੀ ਸੱਭਿਆਚਾਰ ਅਤੇ ਪੁਰਾਤਨ ਰਵਾਇਤਾਂ ਨੂੰ ਅੱਗੇ ਵਧਾਉਣਾ ਹੈ । ਉਨ੍ਹਾਂ ਨੇ ਇਸ ਪ੍ਰੋਗਰਾਮ ਦੇ ਹੋਸਟ ਜਸਪ੍ਰੀਤ ਸਿੰਘ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ । ਸਮਾਗਮ ਦੌਰਾਨ ਧੀਆਂ੍ਭੈਣਾਂ ਨੇ ਰਵਾਇਤੀ ਪਹਿਰਾਵੇ ਵਿੱਚ ਗਿੱਧਾ ਪਾ ਕੇ ਅਤੇ ਪੰਜਾਬੀ ਬੋਲੀਆਂ ਗਾ ਕੇ ਖੂਬ ਰੌਣਕਾਂ ਲਾਈਆਂ ।

# ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸ਼ਹੀਦ ਪਰਿਵਾਰਾਂ ਦੇ ਸਨਮਾਨ ਨੂੰ ਮੁੱਖ ਰੱਖਦਿਆਂ 2027 ਲਈ ਐਲਾਨਿਆ ਪਹਿਲਾ ਉਮੀਦਵਾਰ

## ਸ਼ਹੀਦ ਭਾਈ ਕੇਹਰ ਸਿੰਘ ਦੇ ਸਪੁੱਤਰ ਭਾਈ ਸਤਵੰਤ ਸਿੰਘ ਹੋਣਗੇ ਬੱਸੀ ਪਠਾਨਾਂ ਤੋਂ ਉਮੀਦਵਾਰ : ਬਾਪੂ ਤਰਸੇਮ ਸਿੰਘ





ਅੰਮ੍ਰਿਤਸਰ 10 ਅਗਸਤ (ਕਰਮ ਸਿੰਘ/ ਲਵਪ੍ਰੀਤ ਸਿੰਘ ਗਿੱਲ) ਅੱਜ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਅਤੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਜੀ ਦੀ ਅਗਵਾਈ ਵਿੱਚ ਹੋਈ ਪ੍ਰੈਸ ਕਾਨਫਰੰਸ ਦੌਰਾਨ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਆਪਣੀ ਪਹਿਲੀ ਟਿਕਟ ਦਾ ਐਲਾਨ ਕੀਤਾ ਗਿਆ। ਇਸ ਮੌਕੇ ਪਾਰਟੀ ਵੱਲੋਂ ਸ਼ਹੀਦ ਭਾਈ ਕੇਹਰ ਸਿੰਘ ਜੀ ਦੇ ਸਪੁੱਤਰ ਭਾਈ ਸਤਵੰਤ ਸਿੰਘ ਜੀ ਨੂੰ ਬੱਸੀ ਪਠਾਨਾਂ ਤੋਂ ਆਪਣਾ ਉਮੀਦਵਾਰ ਐਲਾਨਿਆ ਗਿਆ ਅਤੇ ਇਸ ਮੌਕੇ ਮੁੱਖ ਤੌਰ ਤੇ ਸ਼ਹੀਦ ਭਾਈ ਕੇਹਰ ਸਿੰਘ ਜੀ ਦੇ ਵੱਡੇ ਸਪੁੱਤਰ ਭਾਈ ਰਜਿੰਦਰ ਸਿੰਘ ਜੀ, ਉਹਨਾਂ ਦੇ ਪੋਤਰੇ ਭਾਈ ਪੁਰੂ ਰਾਜ ਸਿੰਘ ਜੀ, ਭਾਈ ਸੁਖਵਿੰਦਰ ਸਿੰਘ ਅਗਵਾਨ, ਸ੍ਰ ਪ੍ਰਗਟ ਸਿੰਘ ਅਤੇ ਭਾਈ ਅਮਰਜੀਤ ਸਿੰਘ ਵੰਨਚਿੜੀ ਵੀ ਮੌਜੂਦ। ਬਾਪੂ ਤਰਸੇਮ ਸਿੰਘ ਜੀ ਨੇ ਪ੍ਰੈਸ ਨੂਰ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਿਆਸਤ ਸਿਰਫ਼ ਸੱਤਾ ਪ੍ਰਾਪਤੀ ਤੱਕ ਸੀਮਤ ਨਹੀਂ, ਸਗੋਂ ਪੰਥਕ ਸਿਧਾਂਤਾਂ, ਪੰਜਾਬ ਦੇ ਹੱਕਾਂ ਅਤੇ ਕੌਮ ਲਈ ਕੁਰਬਾਨੀਆਂ ਕਰਨ ਵਾਲੇ ਪਰਿਵਾਰਾਂ ਦੇ ਮਾਣ੍ਸਤਿਕਾਰ ਨੂੰ ਅੱਗੇ ਲੈ ਕੇ ਚੱਲਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਕੁਝ ਲੋਕਾਂ ਵੱਲੋਂ ਇਹ ਕਿਹਾ ਜਾ ਰਿਹਾ ਸੀ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਕੌਮ ਲਈ ਕੁਰਬਾਨੀਆਂ ਕਰਨ ਵਾਲੇ ਪਰਿਵਾਰਾਂ ਨੂੰ ਦਰਕਿਨਾਰ ਕੀਤਾ ਜਾ ਰਿਹਾ ਹੈ ਸੋ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸ਼ਹੀਦ ਪਰਿਵਾਰ ਵਿੱਚੋਂ ਪਹਿਲੀ ਉਮੀਦਵਾਰੀ ਦਾ ਐਲਾਨ ਕਰਕੇ ਇਸ ਧਾਰਨਾ ਨੂੰ ਮੁੱਢੋਂ ਹੀ ਰੱਦ ਕਰ ਦਿੱਤਾ ਹੈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸ਼ਹੀਦ ਪਰਿਵਾਰਾਂ ਦਾ ਸਤਿਕਾਰ ਸਿਰਫ਼ ਬਿਆਨਾਂ ਤੱਕ ਸੀਮਤ ਨਹੀਂ, ਬਲਕਿ ਪਾਰਟੀ ਦੀਆਂ ਜ਼ਿੰਮੇਵਾਰੀਆਂ ਵਿੱਚ ਵੀ ਉਨ੍ਹਾਂ ਨੂੰ ਬਣਦਾ ਸਥਾਨ ਦਿੱਤਾ ਜਾ ਰਿਹਾ ਹੈ। ਇਸੇ ਤਹਿਤ ਸ਼ਹੀਦ ਭਾਈ ਸਤਵੰਤ ਸਿੰਘ ਜੀ ਦੇ ਪਰਿਵਾਰ ਵਿੱਚੋਂ ਉਨ੍ਹਾਂ ਦੇ ਭਤੀਜੇ ਭਾਈ ਸੁਖਵਿੰਦਰ ਸਿੰਘ ਅਗਵਾਨ ਜੀ ਨੂੰ ਪਾਰਟੀ ਦੇ ਪਾਰਲੀਮਾਨੀ ਬੋਰਡ ਦਾ ਮੈਂਬਰ ਬਣਾਕੇ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ।

ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੀ ਰਾਜਨੀਤੀ ਵਿੱਚ ਪੰਥਕ ਸਿਧਾਂਤਾਂ, ਪੰਜਾਬ ਦੇ ਹੱਕਾਂ, ਸ਼ਹੀਦ ਪਰਿਵਾਰਾਂ ਦੇ ਸਨਮਾਨ ਅਤੇ ਪੰਜਾਬ ਦੇ ਭਵਿੱਖ ਨੂੰ ਕੇਂਦਰ ਵਿੱਚ ਰੱਖ ਕੇ ਆਪਣੀ ਸਿਆਸੀ ਲੜਾਈ ਜਾਰੀ ਰੱਖੇਗਾ। ਇਸ ਮੌਕੇ ਤੇ ਚਾਚਾ ਪਲਵਿੰਦਰ ਸਿੰਘ, ਭਾਈ ਮਹਾਂਵੀਰ ਸਿੰਘ, ਭਾਈ ਜਸਕਰਨ ਸਿੰਘ ਰਿਆੜ, ਭਾਈ ਅਮਨਦੀਪ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਰਜਿੰਦਰ ਸਿੰਘ ਧਾਲੀਵਾਲ, ਭਾਈ ਜਰਮਨਦੀਪ ਸਿੰਘ, ਜਰਮਨਜੀਤ ਸਿੰਘ ਅਤੇ ਭਾਈ ਅੰਮ੍ਰਿਤਪਾਲ ਸਿੰਘ ਮੈੜਾ ਹਾਜ਼ਰ ਆਗੂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਹਾਜਰ ਸਨ।

# ਅਹਿਮਦਗੜ੍ਹ ਵੈਲਫੇਅਰ ਐਸੋਸੀਏਸ਼ਨ ਨੇ 15 ਅਗਸਤ ਨੂੰ ਲੱਗਣ ਵਾਲੇ ਵਿਸ਼ਾਲ ਖੂਨਦਾਨ ਕੈਂਪ ਸਬੰਧੀ ਵੱਖ-ਵੱਖ ਸੰਸਥਾਵਾਂ ਨਾਲ ਮੀਟਿੰਗ ਕੀਤੀ

ਅਹਿਮਦਗੜ੍ਹ, 10 ਅਗਸਤ (ਪ੍ਰਿੰਸ ਸ਼ਰਮਾ) ਅਹਿਮਦਗੜ੍ਹ ਵੈਲਫੇਅਰ ਐਸੋਸੀਏਸ਼ਨ ਵਲੋਂ ਮਿਤੀ 15 ਅਗਸਤ 2026 ਦਿਨ ਸਨਿਚਰਵਾਰ ਨੂੰ ਵਿਸ਼ਾਲ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ । ਇਸ ਸਬੰਧੀ ਬੀਤੇ ਦਿਨ ਐਸੋਸੀਏਸ਼ਨ ਵਲੋਂ ਸਥਾਨਕ ਗੁਰਦੁਆਰਾ ਸਿੰਘ ਸਭਾ ਵਿਖੇ ਸਰਪ੍ਰਸਤ ਸਤੀਸ਼ ਸੂਦ ਬੱਬੂ ਦੀ ਅਗਵਾਈ ਹੇਠ ਸ਼ਹਿਰ ਦੀਆਂ ਸਮੂਹ ਸਮਾਜ ਸੇਵੀ ਸੰਸਥਾਵਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ । ਇਸ ਮੀਟਿੰਗ ਵਿੱਚ ਸ਼ਹਿਰ ਦੀਆਂ ਸਾਰੀਆਂ ਸਮਾਜਿਕ ਸੰਸਥਾਵਾਂ ਨਾਲ 15 ਅਗਸਤ ਨੂੰ ਆਯੋਜਿਤ ਕੀਤੇ ਜਾਣ ਵਾਲੇ ਵਿਸ਼ਾਲ ਖੂਨਦਾਨ ਕੈਂਪ ਬਾਰੇ ਗੱਲਬਾਤ ਕੀਤੀ ਗਈ । ਇਸ ਸਮੇਂ ਗੁਰਦੁਆਰਾ ਸਿੰਘ ਸਭਾ ਰੇਲਵੇ ਅਹਿਮਦਗੜ੍ਹ ਤੋਂ ਪ੍ਰਧਾਨ ਬਘੇਲ ਸਿੰਘ ਉੱਭੀ, ਬਲਦੇਵ ਸਿੰਘ, ਕਿਰਨ ਸਿੰਘ ਚੋਮੋਂ, ਸ਼੍ਰੀ ਖਾਟੂ ਸ਼ਾਮ ਸੇਵਾ ਮੰਡਲ ਅਹਿਮਦਗੜ੍ਹ ਤੋਂ ਪ੍ਰਧਾਨ ਮੋਹਿਤ ਜਿੰਦਲ, ਅਨਿਲ ਮਿੱਤਲ, ਲਵਿਸ਼ ਜਿੰਦਲ ਅਤੇ ਤਰੁਣ ਸਿੰਗਲਾ, ਸ਼੍ਰੀ ਬਾਂਕੇ ਬਿਹਾਰੀ ਚੈਰੀਟੇਬਲ ਟਰੱਸਟ ਅਹਿਮਦਗੜ੍ਹ ਤੋਂ ਪ੍ਰਧਾਨ ਵਿਕਾਸ ਜੈਨ ਅਤੇ ਸ਼ੁਭਮ ਜਿੰਦਲ, ਸ਼੍ਰੀ ਰਾਧਾ ਰਾਣੀ ਸਾਂਝੀ ਰਸੋਈ ਪ੍ਰਭਾਤ ਫੇਰੀ ਮੰਡਲ ਅਹਿਮਦਗੜ੍ਹ ਤੋਂ ਰਾਜਿੰਦਰ ਕੁਮਾਰ ਅਤੇ ਭਰਤ ਕਪੂਰ, ਕੌਂਸਲਰ ਮਹਿੰਦਰ ਸਿੰਘ ਬਿੱਲੂ ਮਾਜਰੀ, ਕੌਂਸਲਰ ਕਮਿੱਕਰ ਰਾਮ, ਨੈਸ਼ਨਲ ਸਾਈਕਲਿਸਟ ਨਿਹਾਲ ਸਿੰਘ ਉੱਭੀ ਆਦਿ ਵਿਸ਼ੇਸ਼ ਤੌਰ ’ਤੇ ਪਹੁੰਚੇ । ਮੀਟਿੰਗ ਦੌਰਾਨ ਪ੍ਰੋ: ਅਜੈ ਕੁਮਾਰ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ । ਇਸ ਸਮੇਂ ਵੱਖ੍ਵੱਖ ਸੰਸਥਾਵਾਂ ਦੇ ਪ੍ਰਤੀਨਿਧਾਂ ਅਤੇ ਕੌਂਸਲਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ । ਉਨ੍ਹਾਂ ਨੇ ਅਹਿਮਦਗੜ੍ਹ ਵੈਲਫੇਅਰ ਐਸੋਸੀਏਸ਼ਨ ਵਲੋਂ ਪਿਛਲੇ 6 ਸਾਲਾਂ ਤੋਂ ਆਯੋਜਿਤ ਕੀਤੇ ਜਾ ਰਹੇ ਮਹੀਨਾਵਾਰ ਮੁਫਤ ਮੈਡੀਕਲ ਕੈਂਪ ਅਤੇ ਸਲਾਨਾ ਖੂਨਦਾਨ ਕੈਂਪ ਦੀ ਭਰਪੂਰ ਪ੍ਰਸੰਸਾ ਕੀਤੀ । ਇਸ ਮੌਕੇ ਸ਼ਹਿਰ ਦੀਆਂ ਸਮੂਹ ਸੰਸਥਾਵਾਂ ਨੇ ਅਹਿਮਦਗੜ੍ਹ ਵੈਲਫੇਅਰ ਐਸੋਸੀਏਸ਼ਨ ਵਲੋਂ 15




ਅਗਸਤ ਦਿਨ ਸਨਿਚਰਵਾਰ ਨੂੰ ਆਯੋਜਿਤ ਕੀਤੇ ਜਾਣ ਵਾਲੇ 6ਵੇਂ ਸਾਲਾਨਾ ਵਿਸ਼ਾਲ ਖੂਨਦਾਨ ਕੈਂਪ ਵਿੱਚ ਪੂਰਨ ਸਹਿਯੋਗ ਦੇਣ ਦਾ ਐਲਾਨ ਕੀਤਾ । ਉਨ੍ਹਾਂ ਕਿਹਾ ਕਿ ਅਸੀਂ ਇਸ ਕੈਂਪ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਖੂਨਦਾਨ ਕਰਨ ਲਈ ਪ੍ਰੇਰਿਤ ਕਰਾਂਗੇ ਤਾਂ ਜੋ ਵੱਧ ਤੋਂ ਵੱਧ ਮਰੀਜਾਂ ਦੀਆਂ ਜਿੰਦਗੀਆਂ ਬਚਾਈਆਂ ਜਾ ਸਕਣ ।ਫਨਬਸਪ;ਇਸ ਉਪਰੰਤ ਐਸੋਸੀਏਸ਼ਨ ਦੇ ਸੀਨੀਅਰ ਮੈਂਬਰ ਨਰਿੰਦਰ ਗੋਗਨਾ ਨੇ ਪਹੁੰਚੇ ਸਾਰੇ ਨੁਮਾਇੰਦਿਆਂ ਦਾ ਧੰਨਵਾਦ ਕੀਤਾ । ਇਸ ਮੌਕੇ ਐਸੋਸੀਏਸ਼ਨ ਦੇ ਸਰਪ੍ਰਸਤ ਸਤੀਸ਼ ਸੂਦ ਬੱਬੂ ਪ੍ਰਧਾਨ ਪ੍ਰਿੰਸੀਪਲ ਰਿੱਕੀ ਸੂਦ, ਖਜਾਨਚੀ ਸੁਖਵਿੰਦਰ ਸਿੰਘ, ਮੁੱਖ ਸਲਾਹਕਾਰ ਅਜੈ ਕੁਮਾਰ, ਸਵਾਜ ਅਲੀ, ਅਰਸ਼ ਗੋਰਿਆ, ਰੂਬੀ ਗਰਚਾ, ਭੀਮ ਸੂਦ, ਮਨੀਸ਼ ਵਰਮਾ, ਸਿਮਰਨਜੀਤ ਸਿੰਘ ਲਾਡੀ, ਮਨੀ ਪੋਹੀੜ, ਸ਼ਿਵਮ ਕੌਸ਼ਲ, ਅਮਨਦੀਪ ਸਿੰਘ ਸੋਨੀ ਆਦਿ ਮੈਂਬਰ ਹਾਜ਼ਰ ਸਨ ।

# ਮਾਲੇਰਕੋਟਲਾ ਚ ਆਧੁਨਿਕ ਫਤਿਹ ਜਿਮ ਦਾ ਸ਼ਾਨਦਾਰ ਉਦਘਾਟਨ ਜਮੀਲ ਉਰ ਰਹਿਮਾਨ ਸਮੇਤ ਵੱਖ-ਵੱਖ ਸਖਸ਼ੀਅਤਾਂ ਨੇ ਕੀਤੀ ਵਿਸ਼ੇਸ਼ ਸ਼ਿਰਕਤ

ਮਾਲੇਰਕੋਟਲਾ 10 ਅਗਸਤ (ਪ੍ਰਵੀਨ ਕੁਮਾਰ) ਨੌਜਵਾਨਾਂ ਨੂੰ ਸਿਹਤਮੰਦ, ਫਿੱਟ ਅਤੇ ਨਿਰੋਈ ਜ਼ਿੰਦਗੀ ਵੱਲ ਪ੍ਰੇਰਿਤ ਕਰਨ ਦੇ ਮਕਸਦ ਨਾਲ ਅੱਜ ਮਾਲੇਰਕੋਟਲਾ ਵਿਖੇ ਫਤਿਹ ਜਿਮ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ। ਇਸ ਉਦਘਾਟਨੀ ਸਮਾਗਮ ਵਿੱਚ ਹਲਕਾ ਐਮ।ਐਲ।ਏ। ਜਮੀਲ ਉਰ ਰਹਿਮਾਨ, ਮੈਡਮ ਫਰੀਆਲ ਰਹਿਮਾਨ, ਹਲਕਾ ਇੰਚਾਰਜ ਮੈਡਮ ਜ਼ਾਹਿਦਾ ਸੁਲੇਮਾਨ, ਪੰਜਾਬ ਵਕਫ਼ ਬੋਰਡ ਨੇ ਮੈਂਬਰ ਮੁਹੰਮਦ ਸ਼ਮਸ਼ਾਦ, ਹਲਕਾ ਮਹਿਲ ਕਲਾਂ ਦੇ ਕਾਂਗਰਸੀ ਆਗੂ ਕਮਲਜੀਤ ਸਿੰਘ ਚੱਕ, ਭਾਜਪਾ ਜਿਲ੍ਹਾ ਪ੍ਰਧਾਨ ਜਗਤ ਕਥੂਰੀਆ, ਡਾਕਟਰ ਗੁਰਵਿੰਦਰ ਸਿੰਘ, ਕੌਂਸਲਰ ਬੇਅੰਤ ਕਿੰਗਰ ਆਦਿ ਨੇ ਵਿਸ਼ੇਸ਼ ਤੌਰ ਸ਼ਿਰਕਤ ਕੀਤੀ। ਇਸ ਮੌਕੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਹਾਜ਼ਰ ਸਨ। ਐਮ.ਐਲ.ਏ ਜਮੀਲ ਉਰ ਰਹਿਮਾਨ ਨੇ ਆਖਿਆ ਕਿ ਨੌਜਵਾਨਾਂ ਨੂੰ ਖੇਡਾਂ ਅਤੇ ਫਿੱਟਨੈੱਸ ਵੱਲ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਤੰਦਰੁਸਤ ਸਰੀਰ ਵਿੱਚ ਹੀ ਅਰੋਗ ਮਨ ਦਾ ਨਿਵਾਸ ਹੁੰਦਾ ਹੈ ਅਤੇ ਅਜਿਹੇ ਆਧੁਨਿਕ ਜਿਮ ਖੁੱਲ੍ਹਣ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਮਾੜੀਆਂ ਆਦਤਾਂ ਤੋਂ ਦੂਰ ਰਹਿ ਕੇ ਆਪਣੀ ਸਿਹਤ ਵੱਲ ਧਿਆਨ ਦੇਣ ਦਾ ਸੁਚੱਜਾ ਮੌਕਾ ਮਿਲੇਗਾ। ਉਨ੍ਹਾਂ ਜਿਮ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਆਖਿਆ ਕਿ ਹਲਕੇ ਦੇ ਨੌਜਵਾਨਾਂ ਨੂੰ ਬਿਹਤਰ ਸਿਹਤ ਸਹੂਲਤਾਂ ਅਤੇ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਸਰਕਾਰ ਵੀ ਵਚਨਬੱਧ ਹੈ। ਇਸੇ ਦੌਰਾਨ ਮੈਡਮ ਜ਼ਾਹਿਦਾ ਸੁਲੇਮਾਨ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ੍ਕੱਲ੍ਹ ਦੀ ਭੱਜ੍ ਦੌੜ ਭਰੀ ਜ਼ਿੰਦਗੀ ਵਿੱਚ ਸਰੀਰਕ ਫਿੱਟਨੈੱਸ ਅਤੀ ਜ਼ਰੂਰੀ ਹੈ। ਉਨ੍ਹਾਂ ਆਖਿਆ ਕਿ ਸ਼ਹਿਰ ਨਿਵਾਸੀਆਂ ਦੀ ਚੰਗੀ ਸਿਹਤ ਲਈ ਅਜਿਹੇ ਆਧੁਨਿਕ ਜਿਮ ਸਮੇਂ ਦੀ ਮੁੱਖ ਲੋੜ ਹਨ, ਤਾਂ ਜੋ ਲੋਕ ਰੋਜ਼ਾਨਾ ਕਸਰਤ ਕਰਨ ਦੀ ਆਦਤ ਪਾ ਕੇ ਇੱਕ ਤੰਦਰੁਸਤ ਜ਼ਿੰਦਗੀ ਬਤੀਤ ਕਰ ਸਕਣ। ਜਿਮ ਦੇ ਮਾਲਕ ਰਵਿੰਦਰ ਸਿੰਘ ਨੇ ਸਮਾਗਮ ’ਚ ਪਹੁੰਚੇ ਸਾਰੇ ਪਤਵੰਤੇ ਸੱਜਣਾਂ ਅਤੇ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਸ਼ਹਿਰ ਵਾਸੀਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬਹੁਤ ਹੀ ਘੱਟ ਫੀਸ ਵਿੱਚ ਉੱਚ ਦਰਜੇ ਦੀਆਂ ਆਧੁਨਿਕ ਸੁਵਿਧਾਵਾਂ




ਮੁਹੱਈਆ ਕਰਵਾਈਆਂ ਗਈਆਂ ਹਨ, ਤਾਂ ਜੋ ਸਮਾਜ ਦਾ ਹਰ ਵਰਗ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਸਿਹਤ ਬਣਾ ਸਕੇ। ਜਿਕਰਯੋਗ ਹੈ ਵਿਧਾਇਕ ਅਮਰਗੜ੍ਹ ਜਸਵੰਤ ਸਿੰਘ ਗੱਜਣਮਾਜਰਾ ਜਿਨ੍ਹਾਂ ਨੇ ਆਪਣੇ ਇਕ ਹਫਤੇ ਦੇ ਦੌਰੇ ਲਈ ਬਾਹਰ ਜਾਣਾ ਸੀ ਉਹ ਜਿਮ ਦੇ ਉਦਘਾਟਨ ਤੋਂ ਪਹਿਲਾ ਜਿਮ ਚ ਆ ਕੇ ਹਾਜਰੀ ਲਗਵਾ ਗਏ ਸਨ।

# ਜੈ ਬਾਬਾ ਬਾਲਕ ਨਾਥ ਵੈਲਫੇਅਰ ਸੋਸਾਇਟੀ ਧੂਰੀ ਵੱਲੋਂ ਪ੍ਰਸਿੱਧ ਮੰਦਿਰ ਹਰਨਾਏ ਲਈ ਦੂਸਰੀ ਧਾਰਮਿਕ ਬੱਸ ਯਾਤਰਾ ਰਵਾਨਾ

ਧੂਰੀ 10 ਅਗਸਤ (ਸੁਰਿੰਦਰ ਸਿੰਘ) ਜੈ ਬਾਬਾ ਬਾਲਕ ਨਾਥ ਵੈਲਫੇਅਰ ਸੋਸਾਇਟੀ (ਰਜਿ) ਧੂਰੀ ਵੱਲੋਂ ਪ੍ਰਮੁੱਖ ਸਿੱਧ ਮੰਦਰ ਹਰਨਾਏ ਦੇ ਦਰਸ਼ਨਾਂ ਲਈ ਦੂਸਰੀ ਧਾਰਮਿਕ ਬੱਸ ਯਾਤਰਾ




ਸ਼ਰਧਾ ਅਤੇ ਉਤਸ਼ਾਹ ਨਾਲ ਰਵਾਨਾ ਕੀਤੀ ਗਈ। ਯਾਤਰਾ ਲਈ ਬੱਸ 10 ਅਗਸਤ 2026 ਨੂੰ ਦੁਪਹਿਰ 1:00 ਵਜੇ ਬੱਸ ਸਟੈਂਡ ਦੇ ਨੇੜਿਓਂ ਰਵਾਨਾ ਹੋਈ।

ਇਹ ਯਾਤਰਾ ਪ੍ਰਧਾਨ ਸਤਵੀਰ ਸਿੰਘ (ਰਿੰਕੂ ਭੱਟੀ) ਅਤੇ ਸਮੂਹ ਕਲੱਬ ਮੈਂਬਰਾਂ ਦੀ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਵਿੱਕੀ ਪਰੋਚਾ, ਪ੍ਰਧਾਨ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਪੰਜਾਬ ਵੱਲੋਂ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।

ਇਸ ਮੌਕੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਬੱਸ ਰਵਾਨਾ ਹੋਣ ਸਮੇਂ ਜੈ ਬਾਬਾ ਬਾਲਕ ਨਾਥ ਜੀ ਦੇ ਜੈਕਾਰਿਆਂ ਨਾਲ ਮਾਹੌਲ ਗੂੰਜ ਉੱਠਿਆ। ਯਾਤਰਾ ਵਿੱਚ ਸ਼ਾਮਲ ਸ਼ਰਧਾਲੂ ਹਰਨਾਏ ਵਿਖੇ ਪਹੁੰਚ ਕੇ ਬਾਬਾ ਬਾਲਕ ਨਾਥ ਜੀ ਦੇ ਦਰਸ਼ਨ ਕਰਕੇ ਅਸ਼ੀਰਵਾਦ ਪ੍ਰਾਪਤ ਕਰਨਗੇ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕਰਨਗੇ।

ਸੋਸਾਇਟੀ ਦੇ ਪ੍ਰਧਾਨ ਸਤਵੀਰ ਸਿੰਘ (ਰਿੰਕੂ ਭੱਟੀ) ਅਤੇ ਸਮੂਹ ਮੈਂਬਰਾਂ ਵੱਲੋਂ ਧਾਰਮਿਕ ਯਾਤਰਾ ਵਿੱਚ ਸਹਿਯੋਗ ਦੇਣ ਵਾਲੀਆਂ ਸਮੂਹ ਸ਼ਖ਼ਸੀਅਤਾਂ ਅਤੇ ਸੰਗਤ ਦਾ ਧੰਨਵਾਦ ਕੀਤਾ ਗਿਆ।




# ਸੀ ਆਈ ਟੀ ਯੂ, ਆਂਗਣਵਾੜੀ ਵਰਕਰ,ਹੈਲਪਰ ਵੱਲੋਂ ਜੇਲ੍ਹ ਭਰੋ ਅੰਦੋਲਨ ਦੀ ਕਾਲ ਦੇ ਪ੍ਰੋਗਰਾਮ ਅਨੁਸਾਰ ਕੀਤਾ ਗਿਆ ਰੋਹ ਭਰਪੂਰ ਮੁਜ਼ਾਹਰਾ/ਜਸਪਾਲ ਕੌਰ, ਕਾਂਤਾ ਰਾਣੀ



ਫ਼ਿਰੋਜ਼ਪੁਰ 10 ਅਗਸਤ (ਮਨਜੀਤ ਸਿੰਘ) ਅੱਜ ਫਿਰੋਜ਼ਪੁਰ ਵਿਖੇ ਆਂਗਣਵਾੜੀ ਵਰਕਰ ਹੈਲਪਰ ਅਤੇ ਸੀ ਆਈ ਟੀ ਯੂ , ਮੁਲਾਜ਼ਮ ਭਾਰਤਰੀ ਜੱਥੇਬੰਦੀ ਅਤੇ ਕਿਸਾਨ ਮਜ਼ਦੂਰ ਜਥੇਬੰਦੀਆਂ ਨੇ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਵਿਖੇ ਇੱਕਤਰ ਹੋ ਕੇ ਡੀ ਸੀ ਦਫ਼ਤਰ ਵੱਲੋਂ ਸੈਂਕੜੇ ਇਸਤਰੀ ਮੁਲਾਜ਼ਮਾਂ ਦੀ ਗਿਣਤੀ ਨੇਂ ਰੋਸ ਮਾਰਚ ਕਰਕੇ ਡੀ ਸੀ ਫਿਰੋਜ਼ਪੁਰ ਨੂੰ ਮੰਗ ਪੱਤਰ ਦਿੱਤਾ। ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਾਂਤਾ ਰਾਣੀ ਨੇ ਦੱਸਿਆ ਕਿ ਸਰਕਾਰ ਨੇ ਸੱਤਾਂ ਵਿੱਚ ਆਉਣ ਤੋਂ ਪਹਿਲਾਂ ਆਂਗਣਵਾੜੀ ਅਤੇ ਹੈਲਪਰਾ ਨਾਲ਼ ਜੋ ਵਾਅਦੇ ਕੀਤੇ ਸਨ ਜਿਵੇਂ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾ ਦੇ ਮਾਨ ਭੱਤੇ ਵਿੱਚ ਦੁਗਣਾ ਵਾਧਾ ਕਰਨਾ, ਆਂਗਣਵਾੜੀ ਵਰਕਰਾ ਨੂੰ ਗਰੇਡ 3 ਅਤੇ ਹੈਲਪਰਾ ਨੂੰ ਗਰੇਡ 4 ਦਾ ਦਰਜਾ ਦੇ ਕੇ ਰੈਗੂਲਰ ਕਰਨਾ,ਪੇ ਕਮਿਸ਼ਨ ਦੇ ਘੇਰੇ ਵਿੱਚ ਲਿਆਉਣਾ,ਹੈਲਪਰਾ ਅਤੇ ਸੁਪਰਵਾਈਜ਼ਰਾ ਦੀਆਂ ਅਸਾਮੀਆਂ ਨੂੰ ਰੈਗੂਲਰ ਤੌਰ ਤੇ ਭਰਨਾਂ,2022 ਦੇ ਮਾਨਯੋਗ ਸੁਪਰੀਮ ਕੋਰਟ ਵੱਲੋਂ ਗੁਰੇਚਟੀ ਸਬੰਧੀ ਦਿੱਤੇ ਫੈਸਲੇ ਨੂੰ ਲਾਗੂ ਕਰਨਾ ਆਦਿ ਮੰਗਾਂ ਮੰਨਣ ਤੋਂ ਭੱਜ ਰਹੀ ਹੈ । ਮੁਲਾਜ਼ਮ ਆਗੂ ਰਵਿੰਦਰ ਲੂਥਰਾ ਨੇ ਦੱਸਿਆ ਕਿ ਸਰਕਾਰ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ,ਡੀ ਏ ਦੀਆਂ ਕਿਸ਼ਤਾਂ ਅਤੇ ਬਕਾਇਆ ਰਾਸ਼ੀ ਜਾਰੀ ਕਰਨਾ,ਵੱਖ ਵੱਖ ਵਿਭਾਗਾਂ ਵਿਚ ਖ਼ਾਲੀ ਪਈਆ ਅਸਾਮੀਆਂ ਨੂੰ ਰੈਗੂਲਰ ਤੌਰ ਤੇ ਭਰਨਾਂ, ਜੁਲਾਈ 2020 ਦਾ ਪੱਤਰ ਰੱਦ ਕਰਨਾ ਆਦਿ ਮੰਗਾਂ ਮੰਨਣ ਤੋਂ ਵੀ ਭੱਜ ਰਹੀ ਹੈ। ਕਿਸਾਨ ਆਗੂ ਹੰਸਾਂ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਐਮ ਐਸ ਪੀ ਦੇਣਾ,ਯੂ ਐਸ ਏ ਨਾਲ਼ ਕੀਤੀ ਐਫਟੀਏ ਨੂੰ ਰੱਦ ਕਰਨਾ, ਬਿਜਲੀ ਬਿੱਲ 2025 ਨੂੰ ਰੱਦ ਕਰਨਾ ਆਦਿ ਮੰਗਾਂ ਮੰਨਣ ਤੋਂ ਵੀ ਭੱਜ ਰਹੀ ਹੈ। ਇਸ ਰੈਲੀ ਨੂੰ ਰਮਨ ਅੱਤਰੀ, ਕੁਲਦੀਪ ਸਿੰਘ ਖੁੰਗਰ,ਪਵਨ ਮਨਚੰਦਾ, ਦਵਿੰਦਰ ਸਿੰਘ ਟੀਟੂ, ਰਾਕੇਸ਼ ਕੰਬੋਜ, ਹਰਪ੍ਰੀਤ ਸਿੰਘ, ਕੁਲਦੀਪ ਰਾਏ,ਰਜਨੀ, ਵੀਰਪਾਲ ਕੌਰ, ਬਲਜੀਤ ਕੌਰ,ਕੰਜਨ ਕੋਰ, ਰਾਜਿੰਦਰ ਕੌਰ, ਕੁਲਜੀਤ ਕੌਰ, ਨਰਿੰਦਰ ਕੌਰ, ਗੁਰਮੀਤ ਕੌਰ, ਕਰਮਜੀਤ ਕੌਰ, ਬਲਵੀਰ ਕੌਰ,ਰਾਜ ਪਾਲ ਕੌਰ, ਪਰਮਜੀਤ ਕੌਰ, ਬਲਦੇਵ ਕੌਰ, ਦਰਸ਼ਨਾ, ਜਸਬੀਰ ਕੌਰ, ਗੁਰਮੀਤ ਕੌਰ ਤੇ ਬਲਜੀਤ ਕੌਰ ਉਪਰੋਕਤ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਪਰੋਕਤ ਮੰਗਾਂ ਦਾ ਨਿਪਟਾਰਾ ਨਾਂ ਕੀਤਾ ਗਿਆ ਤਾਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਦਾ ਖਮਿਆਜ਼ਾ ਭੁਗਤਨਾ ਪਵੇਗਾ।

# ਹਲਕਾ ਮੌੜ ਦੇ ਪਿੰਡ ਮੰਡੀ ਕਲਾਂ ਵਿੱਚ ਆਮ ਆਦਮੀ ਪਾਰਟੀ ਨੂੰ ਮਿਲਿਆ ਵੱਡਾ ਹੁੰਗਾਰਾ

## ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਕਈ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਹੋਏ ਸ਼ਾਮਲ

**ਬਠਿੰਡਾ (ਹਰਪ੍ਰੀਤ ਸਿੰਘ)** ਸਿੱਪੀ ਭਾਕਰ ਮੌੜ ਦੀ ਅਗਵਾਈ ਹੇਠ ਸਾਡੇ ਸਤਿਕਾਰਯੋਗ ਭਰਾਵਾ ਨੇ ਇਸ ਮੌਕੇ ਸੁਖਦੇਵ ਸਿੰਘ, ਅਸਪਾਲ ਸਿੰਘ, ਸੁਖਚੈਨ ਸਿੰਘ, ਚੈਨੀ ਮੈਂਬਰ, ਬੇਲਾ ਮਿਸਤਰੀ, ਤਾਰਾ ਸਿੰਘ, ਤੇਜਾ ਸਿੰਘ, ਲਾਭ ਸਿੰਘ, ਅਮਨਦੀਪ ਗਾਂਧੀ ਕੁਲਵੰਤ ਕੌਰ, ਹਰਪਾਲ ਕੌਰ, ਮਲਕੀਤ ਕੌਰ, ਕਿਰਨ ਕੌਰ, ਚਰਨਜੀਤ ਕੌਰ, ਨਸੀਬ ਕੌਰ ਅਤੇ ਬਲਜੀਤ ਕੌਰ ਨੇ ਆਪਣੇ ਸ਼ਮੂਹ ਸਾਥੀਆ ਸਮੇਤ ਵੱਖ੍ਵੱਖ ਪਾਰਟੀਆ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਅਤੇ ਰਣਜੀਤ ਸਿੰਘ ਤੇ ਅਮਰਜੀਤ ਸਿੰਘ ਜੱਸ਼ੀ (ਬਲਾਕ ਕੋਆਰਡੀਨੇਟਰ SC ਵਿੰਗ ਹਲਕਾ ਮੌੜ) ਦਲਵਿੰਦਰ ਸਿੰਘ ਜੋਧਪੁਰ, ਗੁਰਿੰਦਰ ਸਿੰਘ ਮੌੜ ਚੜ੍ਹਤ ਸਿੰਘ ਹੁਸਨ ਜੋਧਪੁਰ ਜਸ਼ਕੀਰਤ ਸਿੰਘ ਰਾਮਪੁਰਾ ਅਤੇ ਸਮੁੱਚੀ ਟੀਮ ਮੌਕੇ ’ਤੇ ਮੌਜੂਦ ਰਹੀ।

ਨਵੇਂ ਸਾਥੀਆਂ ਦਾ ਆਮ ਆਦਮੀ ਪਾਰਟੀ ਵਿੱਚ ਦਿਲੋਂ ਸਵਾਗਤ

ਇਕੱਠੇ ਹੋ ਕੇ ਬਦਲਾਅ ਦੀ ਲਹਿਰ ਨੂੰ ਹੋਰ ਮਜ਼ਬੂਤ ਕਰੀਏ। ਇਸ ਮੌਕੇ ਬੋਲਦਿਆਂ ਸਿੱਪੀ



ਭਾਕਰ ਨੇਂ ਕਿਹਾ ਕਿ ਅਸੀਂ ਪਾਰਟੀ ਨੂੰ ਮਜ਼ਬੂਤ ਕਰਨ ਵਿੱਚ ਲੱਗੇ ਹੋਏ ਹਾਂ ਅਤੇ ਸਰਕਾਰ ਦੀਆਂ ਨੀਤੀਆਂ ਤੋਂ ਵੋਟਰਾਂ ਨੂੰ ਜਾਣੂ ਕਰਵਾਉਣ ਲਈ ਸਪੰਰਕ ਕਰ ਰਹੇ ਹਾਂ ਤਾਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ 2027 ਵਿੱਚ ਵੱਡੇ ਫ਼ਰਕ ਨਾਲ ਜਿੱਤ ਕੇ ਸਰਕਾਰ ਲੋਕਾਂ ਦੇ ਦਿਲਾਂ ਤੇ ਰਾਜ ਕਰੇ ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਹੜ ਆ ਰਿਹਾ ਹੈ ਲੋਕ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਤੋਂ ਬਹੁਤ ਖੁਸ਼ ਨੇ ਉਹਨਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦੀ ਪਾਰਟੀ ਵਿੱਚ ਪੂਰਾ ਮਾਨ ਸਨਮਾਨ ਕੀਤਾ ਜਾਵੇਗਾ।

# ਦੇਸ਼ ਭਗਤ ਕਾਲਜ, ਬਰੜਵਾਲ ਵੱਲੋਂ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਫੈਸਿਲੀਟੇਟਿੰਗ ਸੈਂਟਰਾਂ ਨਾਲ ਸਹਿਯੋਗ ਸਮਝੌਤੇ ਸਾਈਨ

**ਧੂਰੀ 10 ਅਗਸਤ (ਸੁਖਵਿੰਦਰ ਪਲਾਹਾ)** ਦੇਸ਼ ਭਗਤ ਕਾਲਜ ਬਰੜਵਾਲ ਪ੍ਰਿੰਸੀਪਲ ਡਾ ਬਲਬੀਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਦਿਆਰਥੀਆਂ ਨੂੰ ਹੁਨਰ੍ ਆਧਾਰਿਤ ਸਿੱਖਿਆ ਨਾਲ ਜੋੜਨ ਅਤੇ ਉਨ੍ਹਾਂ ਦੇ ਰੁਜ਼ਗਾਰ ਦੇ ਮੌਕਿਆਂ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਦੇਸ਼ ਭਗਤ ਕਾਲਜ, ਬਰੜਵਾਲ੍ਧੂਰੀ ਵਿਖੇ ਸਥਾਪਿਤ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਲਰਨਿੰਗ ਸਪੋਰਟ ਸੈਂਟਰ (ਐਲ.ਐੱਸ.ਸੀ) ਅਤੇ ਕਾਲਜ ਦੇ ਕੈਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਸੈੱਲ ਵੱਲੋਂ ਪ੍ਰਮੁੱਖ ਫੈਸਿਲੀਟੇਟਿੰਗ ਸੈਂਟਰਾਂ ਦ ਐਜ (The Edge), ਅਬਰੌਡ (Abroad) ਅਤੇ ਪ੍ਰਾਈਮ (Prime) ਨਾਲ ਸਹਿਯੋਗ ਸਮਝੌਤੇ ਉੱਪਰ ਦਸਤਖ਼ਤ ਕੀਤੇ ਗਏ। ਇਸ ਪ੍ਰੋਗਰਾਮ ਵਿੱਚ ਡਾ। ਰਵਨੀਤ ਕੌਰ, ਡਾ ਮਨਜੀਤ ਸਿੰਘ ਅਤੇ ਪ੍ਰੋ। ਸੁਖਸਿਮਰਨਜੀਤ ਕੌਰ ਨੇ ਅਹਿਮ ਭੂਮਿਕਾਂ ਨਿਭਾਈ ।ਇਨ੍ਹਾਂ ਸਹਿਯੋਗ ਸਮਝੌਤਿਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਵੱਲੋਂ ਚਲਾਏ ਜਾ ਰਹੇ ਉੱਨਤ ਸਕਿੱਲ ਡਿਵੈਲਪਮੈਂਟ, ਸਰਟੀਫਿਕੇਟ, ਡਿਪਲੋਮਾ ਅਤੇ ਪ੍ਰੋਫੈਸ਼ਨਲ ਟ੍ਰੇਨਿੰਗ ਪ੍ਰੋਗਰਾਮਾਂ ਬਾਰੇ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਉਦਯੋਗਿਕ ਲੋੜਾਂ ਅਨੁਸਾਰ ਤਿਆਰ ਕਰਨ ਵਾਲੇ ਕੋਰਸਾਂ ਨਾਲ ਜੋੜਨਾ ਹੈ। ਇਸ ਸਾਂਝੇ ਉਪਰਾਲੇ ਰਾਹੀਂ ਇਨ੍ਹਾਂ ਫੈਸਿਲੀਟੇਟਿੰਗ ਸੈਂਟਰਾਂ ਨਾਲ ਜੁੜੇ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਵੱਖ੍ਵੱਖ ਹੁਨਰ ਵਿਕਾਸ ਕੋਰਸਾਂ ਬਾਰੇ ਮਾਰਗਦਰਸ਼ਨ ਦਿੱਤਾ ਜਾਵੇਗਾ ਤਾਂ ਜੋ ਉਹ ਆਪਣੀ ਅਕਾਦਮਿਕ ਯੋਗਤਾ ਦੇ ਨਾਲ੍ਨਾਲ ਵਿਹਾਰਕ ਅਤੇ ਰੁਜ਼ਗਾਰਮੁਖੀ ਹੁਨਰ ਵੀ ਹਾਸਲ ਕਰ ਸਕਣ। ਇਸ ਸਹਿਯੋਗ ਦੇ ਤਹਿਤ ਸਾਂਝੇ ਤੌਰ ’ਤੇ ਕੈਰੀਅਰ ਕਾਊਂਸਲਿੰਗ ਸੈਸ਼ਨ, ਓਰੀਐਂਟੇਸ਼ਨ ਪ੍ਰੋਗਰਾਮ, ਵਰਕਸ਼ਾਪਾਂ, ਸੈਮੀਨਾਰ ਅਤੇ ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਜਾਵੇਗਾ, ਤਾਂ ਜੋ ਵਿਦਿਆਰਥੀਆਂ ਨੂੰ ਅੱਜ ਦੇ ਮੁਕਾਬਲੇ ਵਾਲੇ ਦੌਰ ਵਿੱਚ ਲਗਾਤਾਰ ਹੁਨਰ ਵਿਕਾਸ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਜਾ ਸਕੇ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ। ਬਲਬੀਰ ਸਿੰਘ ਨੇ ਕਿਹਾ ਕਿ ਇਹ ਸਹਿਯੋਗ ਸਮਝੌਤੇ ਸੰਸਥਾ ਦੀ ਅਕਾਦਮਿਕ ਸਿੱਖਿਆ ਨੂੰ ਵਿਹਾਰਕ ਹੁਨਰਾਂ ਨਾਲ



ਜੋੜਨ ਦੀ ਵਚਨਬੱਧਤਾ ਦਾ ਪ੍ਰਤੀਕ ਹਨ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਵਿਦਿਆਰਥੀਆਂ ਲਈ ਡਿਗਰੀ ਦੇ ਨਾਲ੍ਨਾਲ ਰੁਜ਼ਗਾਰਮੁਖੀ ਹੁਨਰ ਦਾ ਹੋਣਾ ਵੀ ਬਹੁਤ ਜ਼ਰੂਰੀ ਹੈ। ਟਰੱਸਟ ਸਕੱਤਰ ਸ। ਬਲਵੰਤ ਸਿੰਘ ਮੀਮਸਾ ਨੇ ਸਹਿਯੋਗੀ ਸੰਸਥਾਵਾਂ ਨੂੰ ਵਧਾਈ ਦਿੰਦਿਆਂ ਲਰਨਿੰਗ ਸਪੋਰਟ ਸੈਂਟਰ ਅਤੇ ਕੈਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਸੈੱਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸਹਿਯੋਗ ਵਿਦਿਆਰਥੀਆਂ ਨੂੰ ਰੁਜ਼ਗਾਰ, ਸਵੈ-ਰੁਜ਼ਗਾਰ ਅਤੇ ਜੀਵਨ ਭਰ ਸਿੱਖਣ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨ ਦੇ ਨਾਲ-ਨਾਲ ਸਿੱਖਿਆ ਸੰਸਥਾਵਾਂ ਅਤੇ ਉਦਯੋਗ ਜਗਤ ਵਿਚਕਾਰ ਮਜ਼ਬੂਤ ਪੁਲ ਦਾ ਕੰਮ ਕਰਨਗੇ। ਡਾ ਪਿੰਕੀ ਸਰਾਓ, ਐਡਮਿਸ਼ਨ ਇੰਚਾਰਜ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਨੇ ਯੂਨੀਵਰਸਿਟੀ ਦੀ ਲਚਕਦਾਰ, ਸੌਖੀ ਅਤੇ ਰੁਜ਼ਗਾਰਮੁਖੀ ਸਿੱਖਿਆ ਪ੍ਰਦਾਨ ਕਰਨ ਦੀ ਵਚਨਬੱਧਤਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਚਲਾਏ ਜਾ ਰਹੇ ਸਰਟੀਫਿਕੇਟ, ਡਿਪਲੋਮਾ ਅਤੇ ਸਕਿੱਲ ਡਿਵੈਲਪਮੈਂਟ ਪ੍ਰੋਗਰਾਮ ਮੌਜੂਦਾ ਉਦਯੋਗਿਕ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੇ ਗਏ ਹਨ।

# ਸਹਾਰਾ ਚੈਰੀਟੇਬਲ ਸੁਸਾਇਟੀ ਵੱਲੋਂ 51ਵਾਂ ਮੈਡੀਕਲ ਕੈਂਪ ਲਗਾਇਆ ਗਿਆ

**ਸ਼ੇਰਪੁਰ , 10 ਅਗਸਤ (ਡਾ ਲੱਖਵਿੰਦਰ ਟਿੱਬਾ/ਭਗਵੰਤ ਚੀਮਾਂ)** ਸਹਾਰਾ ਚੈਰੀਟੇਬਲ ਸੁਸਾਇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਕਲੱਬ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ 51ਵਾਂ ਮੁਫ਼ਤ ਮੈਡੀਕਲ ਕੈਂਪ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਰਾਜੋਮਾਜਰਾ ਵਿਖੇ ਲਗਾਇਆ ਗਿਆ। ਕੈਂਪ ਦੌਰਾਨ 105 ਮਰੀਜ਼ਾਂ ਦੀ ਸਿਹਤ ਦੀ ਜਾਂਚ ਕੀਤੀ ਗਈ । ਮੈਡੀਕਲ ਕੈਂਪ ਦੌਰਾਨ ਮਾਹਿਰ ਡਾਕਟਰ ਡਾ ਕਰਨਵੀਰ ਸਿੰਘ ਵੱਲੋਂ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜ ਅਨੁਸਾਰ ਸਿਹਤ ਸਬੰਧੀ ਸਲਾਹ ਦਿੱਤੀ ਗਈ । ਕੈਂਪ ਦੌਰਾਨ ਮਰੀਜ਼ਾਂ ਦੀ ਲੀਵਰ ਦੀ ਫਾਈਬਰੋਸਕੈਨ ਜਾਂਚ ਰਿਆਇਤੀ ਦਰਾਂ ’ਤੇ ਅਤੇ ਹੱਡੀਆਂ ਦੀ ਜਾਂਚ (ਨਝਣ) ਮੁਫ਼ਤ ਕੀਤੀ ਗਈ । ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਰਿਆਇਤੀ ਦਰਾਂ ’ਤੇ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਕੈਂਪ ਦੌਰਾਨ ਓਪੀਡੀ ਫੀਸ ਵੀ ਪੂਰੀ ਤਰ੍ਹਾਂ ਮੁਫ਼ਤ ਰਹੀ । ਇਸ ਮੌਕੇ ਸਹਾਰਾ ਚੈਰੀਟੇਬਲ ਸੁਸਾਇਟੀ ਦੇ



ਨੁਮਾਇੰਦਿਆਂ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਅਤੇ ਸਮਾਜ ਦੇ ਲੋੜਵੰਦ ਵਰਗ ਦੀ ਸੇਵਾ ਕਰਨਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਮੁਫ਼ਤ ਸਿਹਤ ਜਾਂਚ ਕੈਂਪ ਲਗਾਤਾਰ ਜਾਰੀ ਰੱਖੇ ਜਾਣਗੇ। ਇਸ ਮੌਕੇ ਰਾਜਵੀਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਮਾਸਟਰ ਸੁਖਜਿੰਦਰ ਸਿੰਘ, ਐਡਵੋਕੇਟ ਬਲਜਿੰਦਰ ਸਿੰਘ ਪ੍ਰਧਾਨ ਗੁਰੂ ਤੇਗ ਬਹਾਦਰ ਕਲੱਬ, ਪ੍ਰੋ. ਰੁਪਿੰਦਰਜੀਤ ਸਿੰਘ, ਮੱਖਣ ਸਿੰਘ ਸ਼ੇਰਗਿੱਲ, ਬਿਮਲਦੀਪ ਸਿੰਘ ਰੂਬੀ, ਬਿੰਦਾ ਸ਼ੇਰਗਿੱਲ, ਕੁਲਦੀਪ ਸਿੰਘ ਗਾਗੀ, ਬਲਤੇਜ ਸਿੰਘ ਨੰਬਰਦਾਰ, ਗਗਨਦੀਪ ਸਿੰਘ ਮਿੰਟੂ, ਨਰਿੰਦਰ ਪਾਲ ਸਿੰਘ, ਹਰਜੀਤ ਹੇਹਰ, ਹਰਪ੍ਰੀਤ ਹੇਹਰ, ਹਰਮਨ ਸਿੰਘ ਮੈਂਬਰ ਅਤੇ ਰੁਪਿੰਦਰ ਸਿੰਘ ਸਮੇਤ ਹੋਰ ਸਹਿਯੋਗੀ ਹਾਜ਼ਰ ਰਹੇ। ਇਲਾਕੇ ਦੇ ਲੋਕਾਂ ਨੇ ਸਹਾਰਾ ਚੈਰੀਟੇਬਲ ਸੁਸਾਇਟੀ, ਸ੍ਰੀ ਗੁਰੂ ਤੇਗ ਬਹਾਦਰ ਕਲੱਬ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# ਸਮਾਜ ਸੇਵੀ ਰੈਨੂੰ ਸ਼ਰਮਾਂ ਦੀ ਪ੍ਰੇਰਨਾ ਸਦਕਾ ਨੰਨ੍ਹੇ-ਮੁੰਨੇ ਬੱਚਿਆਂ ਨੇ ਛਾਂ ਦਾਰ ਬੂਟੇ ਲਗਾਏ ਅਤੇ ਗੁਰੂ ਘਰ ਅੱਗੇ ਕੀਤੀ ਸਫਾਈ

## ਵੱਧ ਰਹੇ ਤਾਪਮਾਨ ਅਤੇ ਵਾਤਾਵਰਨ ਦੀ ਸ਼ੁੱਧਤਾ ਲਈ ਹਰ ਮਨੁੱਖ ਲਾਵੇ ਇੱਕ ਰੁੱਖ : ਰੈਨੂੰ

**ਸ਼ੇਰਪੁਰ, 10 ਅਗਸਤ (ਡਾ. ਲੱਖਵਿੰਦਰ ਟਿੱਬਾ/ ਭਗਵੰਤ ਚੀਮਾਂ)** ਵੱਧ ਰਹੇ ਤਾਪਮਾਨ ਵਾਤਾਵਰਨ ਦੀ ਸ਼ੁੱਧਤਾ ਅਤੇ ਧਰਤੀ ਨੂੰ ਹਰਿਆ ਭਰਿਆ ਰੱਖਣ ਲਈ ਸਾਉਂਣ ਮਹੀਨੇ ਸਮਾਜ ਸੇਵੀ ਸੰਸਥਾਵਾਂ ਅਤੇ ਹੋਰ ਵਾਤਾਵਰਨ ਪ੍ਰੇਮੀਆਂ ਵੱਲੋਂ ਪੌਦੇ ਲਗਾਉਣ ਦੀ ਮੁਹਿੰਮ ਵਿੱਢੀ ਹੋਈ ਹੈ । ਜਿਸ ਦੇ ਤਹਿਤ ਡਾਕਟਰ ਅੰਬੇਡਕਰ ਲੋਕ ਇਨਸਾਫ ਕਮੇਟੀ ਦੀ ਸੀਨੀਅਰ ਮੀਤ ਪ੍ਰਧਾਨ ਅਤੇ ਅਤੇ ਸਮਾਜ ਸੇਵੀ ਆਗੂ ਰੈਨੂੰ ਸ਼ਰਮਾ ਦੀ ਪ੍ਰੇਰਨਾ ਸਦਕਾ ਨੰਨ੍ਹੇ ਮੁੰਨੇ ਬੱਚਿਆਂ ਨੇ ਅੱਜ ਗੁਰਦੁਆਰਾ ਰਵਿਦਾਸ ਜੀ ਮਹਾਰਾਜ ਦੇ ਮੁੱਖ ਗੇਟ ਅੱਗੇ ਸਫਾਈ ਕੀਤੀ ਅਤੇ ਬੂਟੇ ਲਗਾਏ ਅਤੇ ਉਨਾਂ ਨੂੰ ਰੱਖਿਆ ਲਈ ਟਰੀ ਗਾਰਡ ਵੀ ਲਗਵਾਏ ਗਏ , ਬੱਚਿਆਂ ਨੇ ਆਪਣੇ ਵੱਲੋਂ ਲਗਾਏ ਗਏ ਬੂਟਿਆਂ ਦੀ ਸਾਂਭ-ਸੰਭਾਲ ਦੀ ਜਿੰਮੇਵਾਰੀ ਵੀ ਲਈ



ਗਈ। ਇਸ ਮੌਕੇ ਗੱਲਬਾਤ ਕਰਦਿਆ ਰੈਨੂੰ ਸ਼ਰਮਾ ਨੇ ਕਿਹਾ ਕਿ ਇਹ ਪੌਦੇ ਵਾਤਾਵਰਨ ਦੀ ਸ਼ੁੱਧਤਾ ਲਈ ਅਤੇ ਹਰਿਆਲੀ ਲਈ ਲਗਾਏ ਹਨ ਤਾਂ ਕਿ ਸਾਡੀਆਂ ਆਉਣ ਵਾਲੀਆਂ ਪੀੜੀਆਂ ਸਾਡੇ ਵੱਲੋਂ ਲਗਾਏ ਗਏ ਇਹਨਾਂ ਪੌਦਿਆਂ ਦਾ ਅਨੰਦ ਲੈ ਸਕਣ ਉਹਨਾਂ ਅੱਗੇ ਕਿਹਾ ਕਿ ਲਗਾਏ ਗਏ ਇਹਨਾਂ ਪੌਦਿਆਂ ਦੀ ਪੂਰੀ ਸਾਂਭ੍ਸੰਭਾਲ ਵੀ ਕੀਤੀ ਜਾਵੇਗੀ । ਜ਼ਿਕਰਯੋਗ ਹੈ ਕਿ ਉਨ੍ਹਾਂ ਇਲਾਕੇ ਦੇ ਸਮੂਹ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਅੱਗੇ ਦੀ ਸਾਫ੍ਸਫਾਈ ਜ਼ਰੂਰ ਕਰਨ ਤਾਂਕਿ ਬਾਰਿਸ਼ ਦੇ ਮੌਸਮ ਦੌਰਾਨ ਗੰਭੀਰ ਬਿਮਾਰੀਆਂ ਤੋਂ ਬਚਿਆ ਜਾ ਸਕੇ ਉਨ੍ਹਾਂ ਕੂੜਾ ਕਰਕਟ ਵੀ ਚੁਕਵਾਇਆ। ਉਹਨਾਂ ਲੋਕਾਈ ਨੂੰ ਅਪੀਲ ਕੀਤੀ ਕਿ ਵਾਤਾਵਰਨ ਦੀ ਸ਼ੁੱਧਤਾ ਅਤੇ ਵੱਧ ਰਹੇ ਤਾਪਮਾਨ ਨੂੰ ਦੇਖਦਿਆਂ ਹਰ ਵਿਅਕਤੀ ਨੂੰ ਇੱਕ੍ ਇੱਕ ਰੁੱਖ ਲਗਾਉਣਾ ਚਾਹੀਦਾ ਹੈ ਤਾਂ ਕਿ ਅਸੀਂ ਧਰਤੀ ਨੂੰ ਹਰਿਆ ਭਰਿਆ ਬਣਾ ਸਕੀਏ। ਉਹਨਾਂ ਅੱਗੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਇਸੇ ਤਰ੍ਹਾਂ ਹੀ ਹੋਰ ਵੀ ਛਾਂ ਦਾਰ ਤੇ ਫਲਦਾਰ ਬੂਟੇ ਲਗਾਏ ਜਾਣਗੇ , ਜਿਸ ਲਈ ਸਾਨੂੰ ਆਪਸੀ ਏਕਤਾ ਅਤੇ ਭਾਈਚਾਰਕ ਸਾਂਝ ਦੀ ਬੇਹੱਦ ਲੋੜ ਹੈ । ਇਸ ਮੌਕੇ ਉਹਨਾਂ ਨਾਲ ਸੁਖਵਿੰਦਰ ਕੌਰ , ਪਰਮਜੀਤ ਕੌਰ, ਨਵਦੀਪ ਸਿੰਘ, ਕਰਨਵੀਰ ਸਿੰਘ , ਕਰਨਦੀਪ , ਮਾਧਵ ਸ਼ਰਮਾ , ਜਸਕਰਨ ਸਿੰਘ, ਸਾਹਿਬ ਮਿਲਾਪ ਸਿੰਘ ਸਰਾਂ ਹਾਜ਼ਰ ਸਨ ।

# ਲੋਕਾਂ ਦੇ ਦਰ ’ਤੇ ਪਹੁੰਚੇ ਹਰਦੀਪ ਸਿੰਘ ਸਰਪੰਚ, ਇਲਾਕੇ ਦੇ ਮੁੱਦਿਆਂ ’ਤੇ ਕੀਤੀ ਵਿਚਾਰ-ਚਰਚਾ

## ਧੂਰੀ ਹਲਕੇ ਦੇ ਪਿੰਡਾਂ ਵਿੱਚ ਹਰਦੀਪ ਸਿੰਘ ਸਰਪੰਚ ਵੱਲੋਂ ਡੋਰ-ਟੂ-ਡੋਰ ਸੰਪਰਕ



**ਧੂਰੀ (ਸੁਖਵਿੰਦਰ ਪਲਾਹਾ)** ਧੂਰੀ ਹਲਕੇ ਦੇ ਵੱਖ੍ ਵੱਖ ਪਿੰਡਾਂ ਵਿੱਚ ਡੋਰ-ਟੂ-ਡੋਰ ਸੰਪਰਕ ਮੁਹਿੰਮ ਦੌਰਾਨ ਦੌਲਤਪੁਰ ਦੇ ਸਰਪੰਚ ਹਰਦੀਪ ਸਿੰਘ ਵੱਲੋਂ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਕੇ ਇਲਾਕੇ ਨਾਲ ਸਬੰਧਤ ਮੁੱਦਿਆਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਮੁਹਿੰਮ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨਾਲ ਮੁਲਾਕਾਤ ਹੋਈ। ਹਰਦੀਪ ਸਿੰਘ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਕਰਨਾ ਅਤੇ ਉਨ੍ਹਾਂ ਦੀਆਂ ਗੱਲਾਂ ਸੁਣਨਾ ਉਨ੍ਹਾਂ ਦੀ ਪਹਿਲ ਹੈ। ਇਸ ਦੌਰਾਨ ਉਨ੍ਹਾਂ ਵੱਲੋਂ ਲੋਕਾਂ ਵੱਲੋਂ ਮਿਲ ਰਹੇ ਸਹਿਯੋਗ ਅਤੇ ਪਿਆਰ ਲਈ ਧੰਨਵਾਦ ਵੀ ਕੀਤਾ ਗਿਆ।

# ਮੇਘਾ ਰਿਕਾਰਡਿੰਗ ਕੰਪਨੀ ਵੱਲੋਂ ਸਾਵਣ ਦੇ ਪਵਿੱਤਰ ਮਹੀਨੇ ਨੂੰ ਸਮਰਪਿਤ ਮਾਤਾ ਦੀਆਂ ਭੇਟਾਂ ਤੇ ਸ਼ਿਵਜੀ ਦੇ ਭਜਨਾਂ ਦੀ ਸ਼ੂਟਿੰਗ

**ਲੁਧਿਆਣਾ (ਰਾਕੇਸ ਸਰਮਾ)** ਮੇਘਾ ਰਿਕਾਰਡਿੰਗ ਕੰਪਨੀ ਵੱਲੋਂ ਸਾਵਣ ਦੇ ਪਵਿੱਤਰ ਮਹੀਨੇ ਨੂੰ ਸਮਰਪਿਤ ਮਾਤਾ ਦੀਆਂ ਭੇਟਾਂ ਅਤੇ ਭਗਵਾਨ ਸ਼ਿਵਜੀ ਦੇ ਭਜਨਾਂ ਦੀ ਵਿਸ਼ੇਸ਼ ਸ਼ੂਟਿੰਗ ਕਰਵਾਈ ਗਈ। ਇਹ ਧਾਰਮਿਕ ਪ੍ਰੋਜੈਕਟ ਜਲਦ ਹੀ ਸੰਗਤਾਂ ਦੇ ਰੂਬਰੂ ਕੀਤੇ ਜਾਣਗੇ।

ਇਨ੍ਹਾਂ ਭੇਟਾਂ ਅਤੇ ਭਜਨਾਂ ਵਿੱਚ ਵੱਖ੍ਵੱਖ ਗਾਇਕਾਂ ਨੇ ਆਪਣੀ ਆਵਾਜ਼ ਰਾਹੀਂ ਭਾਗ ਲਿਆ, ਜਿਨ੍ਹਾਂ ਵਿੱਚ ਅਮਰੀਕ ਧੀਮਾਨ ਖੰਨਾ, ਪੁਸ਼ਪ ਰਾਜ ਸੋਨੂ ਸਰਹੰਦ ਅਤੇ ਗੁਰਮੇਲ ਗੌਰਵ ਲੁਧਿਆਣਾ ਸ਼ਾਮਲ ਹਨ। ਸਮੁੱਚੀ ਸ਼ੂਟਿੰਗ ਮੰਦਿਰ ਸ੍ਰੀ ਮਾਂ ਬੱਗਲਾ ਮੁਖੀ, ਸਿਟੀ ਇਨਕਲੇਵ, ਦੁਗਰੀ ਵਿਖੇ ਕੀਤੀ ਗਈ। ਇਸ ਸ਼ੂਟਿੰਗ ਦੀ ਕੈਮਰਾਮੈਨ ਅਮਿਤ ਮੋਦ ਗਿੱਲ ਵੱਲੋਂ ਕੀਤੀ ਗਈ। ਇਸ ਮੌਕੇ ਤੇ ਪੱਤਰਕਾਰਾਂ ਨੇ ਕਲਾਕਾਰਾਂ ਨਾਲ ਵਿਸ਼ੇਸ਼ ਗੱਲਬਾਤ



ਕਰਦਿਆਂ ਉਨ੍ਹਾਂ ਦੀ ਇੰਟਰਵਿਊ ਕੀਤੀ।

ਮੇਘਾ ਰਿਕਾਰਡਿੰਗ ਕੰਪਨੀ ਦੇ ਪ੍ਰੋਡਿਊਸਰ ਰਾਕੇਸ਼ ਸ਼ਰਮਾ ਦੀ ਅਗਵਾਈ ਹੇਠ ਇਹ ਸਾਰਾ ਧਾਰਮਿਕ ਪ੍ਰੋਜੈਕਟ ਤਿਆਰ ਕੀਤਾ ਗਿਆ ਹੈ। ਕੰਪਨੀ ਵੱਲੋਂ ਕਿਹਾ ਗਿਆ ਕਿ ਸੰਗਤਾਂ ਲਈ ਇਹ ਭੇਟਾਂ ਅਤੇ ਭਜਨ ਜਲਦ ਹੀ ਰਿਲੀਜ਼ ਕੀਤੇ ਜਾਣਗੇ।

# ਵਿੱਤ ਮੰਤਰੀ ਵੱਲੋਂ ਮੁਲਾਜ਼ਮ ਜਥੇਬੰਦੀਆਂ ਨੂੰ ਐਂਟੀ ਸਟੇਟ ਕਹਿਣ ਤੇ ਦਫ਼ਤਰੀ ਕਾਮੇ ਭੜਕੇ

**ਧੂਰੀ, 10 ਅਗਸਤ (ਡੀ ਡੀ ਐਸ ਬਿਓਰੋ)** ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਦੀ ਸੂਬਾ ਪੱਧਰੀ ਆਨ ਲਾਈਨ ਮੀਟਿੰਗ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਅਤੇ ਸੂਬਾ ਜਨਰਲ ਸਕੱਤਰ ਤਰਸੇਮ ਸਿੰਘ ਭੱਠਲ ਦੀ ਅਗਵਾਈ ਵਿੱਚ ਹੋਈ। ਗੁਰਪ੍ਰੀਤ ਸਿੰਘ ਘਨੌਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ 5 ਅਤੇ 6 ਅਗਸਤ, 2026 ਨੂੰ ਕਲਮ ਛੋੜ ਅਤੇ ਕੰਪਿਊਟਰ ਬੰਦ ਹੜਤਾਲ ਕਰਕੇ ਜ਼ਿਲ੍ਹਾ ਪੱਧਰੀ ਰੈਲੀਆਂ ਕਰਨ ਦੇ ਐਕਸ਼ਨ ਅਤੇ 7 ਅਗਸਤ, 2026 ਨੂੰ ਸਮੂਹਿਕ ਛੁੱਟੀ ਲੈ ਕੇ ਚੰਡੀਗੜ੍ਹ ਵਿਖੇ ਕੀਤੀ ਗਈ ਮਹਾਂ ਰੈਲੀ ਵਿੱਚ ਸ਼ਾਮਿਲ ਹੋਣ ਦੇ ਐਕਸ਼ਨ ਪ੍ਰੋਗਰਾਮ ਨੂੰ ਰਿਵਿਊ ਕੀਤਾ ਗਿਆ। ਇਸ ਮੀਟਿੰਗ ਵਿੱਚ ਹਾਜ਼ਰ ਸਮੁੱਚੀ ਸੂਬਾ ਲੀਡਰਸ਼ਿਪ, ਵਿਭਾਗੀ ਜਥੇਬੰਦੀਆਂ ਦੇ ਪ੍ਰਧਾਨ ਤੇ ਜਨਰਲ ਸਕੱਤਰ ਅਤੇ ਜਿਲਾ ਪ੍ਰਧਾਨ ਤੇ ਜਨਰਲ ਸਕੱਤਰ ਸਾਹਿਬਾਨਾਂ ਨੇ 7 ਅਗਸਤ 2026 ਦੀ ਚੰਡੀਗੜ੍ਹ ਮਹਾਂ ਰੈਲੀ ਦੀ ਕਾਮਯਾਬੀ ਦੀ ਵਧਾਈ ਦਿੱਤੀ ਅਤੇ ਤਸੱਲੀ ਪ੍ਰਗਟ ਕੀਤੀ ਕਿ ਹੁਣ ਸਮੁੱਚਾ ਮੁਲਾਜ਼ਮ ਤੇ ਪੈਨਸ਼ਨਰਜ਼ ਸਰਕਾਰ ਵਿਰੁੱਧ ਆਪਣੀਆਂ ਮੰਗਾਂ ਮਨਵਾਉਣ ਲਈ ਉੱਠ ਖੜਾ ਹੋ ਗਿਆ ਹੈ ਅਤੇ ਆਪ ਮੁਹਾਰੇ ਵਹੀਰਾਂ ਘਤ ਕੇ ਉਹ ਚੰਡੀਗੜ੍ਹ ਦੀ ਮਹਾਰੈਲੀ ਵਿੱਚ ਸ਼ਾਮਿਲ ਹੋਇਆ ਹੈ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨਾਂ ਅਤੇ ਇਸਤਰੀ







ਮੁਲਾਜਮਾਂ ਦਾ ਸ਼ਾਮਿਲ ਹੋਣਾ ਮੁਲਾਜ਼ਮ ਸੰਘਰਸ਼ ਦੀ ਕਾਮਯਾਬੀ ਲਈ ਆਉਣ ਵਾਲੇ ਸਮੇਂ ਲਈ ਚੰਗਾ ਸ਼ਗਨ ਹੈ। ਇਸ ਮੀਟਿੰਗ ਵਿੱਚ ਸਮੁੱਚੀ ਲੀਡਰਸ਼ਿਪ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮਹਾਂ ਰੈਲੀ ਕਰ ਰਹੀਆਂ ਜਥੇਬੰਦੀਆਂ ਨੂੰ ਐਂਟੀ ਸਟੇਟੋ ਕਹਿਣ ਦਾ ਬੜੀ ਗੰਭੀਰਤਾ ਨਾਲ ਨੋਟਿਸ ਲਿਆ ਹੈ ਅਤੇ ਇਸ ਵਿਰੁੱਧ ਨਿੰਦਾ ਪ੍ਰਸਤਾਵ ਪਾਸ ਕਰਦਿਆਂ ਸਰਬ ਸੰਮਤੀ ਨਾਲ ਫੈਸਲਾ ਲਿਆ ਹੈ ਕਿ ਹੁਣ ਮੁਲਾਜ਼ਮਾਂ ਨੂੰ ਆਪਣੀਆਂ ਮੰਗਾਂ ਮਨਵਾਉਣ ਲਈ ਰੋਸ ਮੁਜਾਹਰੇ ਕਰਨ ਦੇ ਨਾਲ ਨਾਲ ਆਪਣੀ ਦੇਸ਼ ਭਗਤੀ ਵੀ ਸਾਬਿਤ ਕਰਨੀ ਪੈ ਰਹੀ ਹੈ। ਇਸ ਲਈ ਕੱਲ੍ਹ 11 ਅਗਸਤ, 2026 ਨੂੰ ਜ਼ਿਲ੍ਹਾ ਪੱਧਰ ਤੇ ਗੇਟ ਰੈਲੀਆਂ ਕੀਤੀਆਂ ਜਾਣਗੀਆਂ ਅਤੇ ਇਸ ਰੈਲੀ ਵਿੱਚ ਰਾਸ਼ਟਰੀ ਝੰਡੇ ਲੈ ਕੇ ਭਾਰਤ ਮਾਤਾ ਕੀ ਜੈਂ ਅਤੇ ਵੰਦੇ ਮਾਤਰਮੋ ਦੇ ਨਾਹਰੇ ਲਗਾਏ ਜਾਣਗੇ। ਇਸ ਤੋਂ ਇਲਾਵਾ ਇਹ ਫਲੈਗ ਮੁਲਾਜ਼ਮ ਆਪਣੀਆਂ ਸੀਟੋਂਟੇਬਲਾਂ ਤੇ ਵੀ ਲਗਾਉਣਗੇ। ਪੰਜਾਬ ਸਰਕਾਰ ਨੂੰ ਇਹ ਅਪੀਲ ਕੀਤੀ ਜਾਵੇਗੀ ਕਿ ਉਹ ਆਪਣੇ ਇਸ ਬਿਆਨ ਨੂੰ ਵਾਪਸ ਲਵੇ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਿਰੁੱਧ ਕਾਰਵਾਈ ਕਰੇ। ਜੇਕਰ ਸਰਕਾਰ 12 ਅਗੱਸਤ, 2026 ਤੱਕ ਕੋਈ ਕਾਰਵਾਈ ਨਹੀਂ ਕਰਦੀ ਤਾਂ 13 ਅਗਸਤ, 2026 ਨੂੰ ਸਮੁੱਚੇ ਪੰਜਾਬ ਵਿੱਚ ਜਿਲ੍ਹਾ ਪੱਧਰ ਤੇ ਰੈਲੀਆਂ ਕਰਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕੇ ਜਾਣਗੇ। ਇਸ ਤੋਂ ਇਲਾਵਾ ਇਹ ਵੀ ਫੈਸਲਾ ਕੀਤਾ ਗਿਆ ਹੈ ਕਿ ਪੰਜਾਬ ਸਰਕਾਰ ਨੂੰ ਨੋਟਿਸ ਦਿੱਤਾ ਜਾਵੇਗਾ ਕਿ ਉਹ 15 ਅਗਸਤ 2026 ਤੱਕ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਫੈਸਲੇ ਨੂੰ ਲਾਗੂ ਕਰਦਿਆਂ ਮਹਿੰਗਾਈ ਭੱਤਾ ਜਾਰੀ ਕਰੇ। ਮੁੱਖ ਮੰਤਰੀ, ਪੰਜਾਬ ਵੱਲੋਂ ਸਾਂਝੀ ਤਾਲਮੇਲ ਕਮੇਟੀ, ਸਾਂਝਾ ਮੁਲਾਜ਼ਮ ਮੰਚ ਅਤੇ ਪੰਜਾਬ ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਫਰੰਟ ਨੂੰ 27੦8 2026 ਦੀ ਦਿੱਤੀ ਮੀਟਿੰਗ ਨੂੰ ਮਹਿਜ ਮੁਲਾਜ਼ਮ ਮੰਗਾਂ ਨੂੰ ਲਟਕਾਉਣ ਅਤੇ ਮਾਣਯੋਗ ਹਾਈ ਕੋਰਟ ਦੇ ਫੈਸਲੇ ਨੂੰ ਲਾਗੂ ਨਾ ਕਰਨ ਦੀ ਚਾਲ ਸਮਝਦੇ ਹੋਏ ਅਤੇ ਪਿਛਲੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਭਗਵੰਤ ਮਾਨ ਸਰਕਾਰ ਵਲੋਂ ਕੋਈ ਵੀ ਮੰਗ ਦੀ ਪੂਰਤੀ ਨਾ ਕਰਨ ਕਰਕੇ ਅਤੇ ਹੁਣ ਤੱਕ ਸਰਕਾਰ ਦੇ ਪੱਧਰ ਤੇ ਮੁੱਖ ਮੰਤਰੀ ਅਤੇ ਕੈਬਨਿਟ ਸਬ ਕਮੇਟੀ ਨਾਲ ਹੋਈਆਂ ਮੀਟਿੰਗਾਂ ਬੇਸਿੱਟਾ ਹੀ ਰਹਿੰਦੀਆਂ ਜਾਂ ਐਨ ਮੌਕੇ ਤੇ ਕੈਂਸਲ ਹੁੰਦੀਆਂ ਰਹੀਆਂ ਹੋਣ ਕਾਰਨ ਬੇ੍ਭਰੋਸਗੀ ਪ੍ਰਗਟ ਕਰਦਿਆਂ ਇਸ ਨੂੰ ਮੂਲੋਂ ਰੱਦ ਕਰਦੇ ਹਾਂ। ਜੇਕਰ ਮੁੱਖ ਮੰਤਰੀ ਮੁਲਾਜ਼ਮ ਮੰਗਾਂ ਤੇ ਵਾਕਿਆ ਹੀ ਸੰਜੀਦਾ ਹੁੰਦੇ ਤਾਂ ਉਹ ਮੁਲਾਜ਼ਮਾਂ ਵਲੋਂ ਚੰਡੀਗੜ੍ਹ ਵਿਖੇ ਮਹਾਂ ਰੈਲੀ ਵਿੱਚ ਕੀਤੇ ਲੱਖਾਂ ਦੇ ਇਕੱਠ ਅਤੇ ਵਿਆਪਕ ਰੋਸ ਅਤੇ ਗੁੱਸੇ ਨੂੰ ਭਾਂਪਦੇ ਹੋਏ ਤੁਰੰਤ ਮੰਗਾਂ ਮੰਨੇ ਜਾਣ ਅਤੇ ਮਹਿੰਗਾਈ ਭੱਤਾ ਜਾਰੀ ਕਰਨ ਦਾ ਐਲਾਨ ਕਰਦੇ ਨਾ ਕਿ 20 ਦਿਨ ਦੇ ਵਕਫੇ ਬਾਅਦ ਮੀਟਿੰਗ ਦਾ ਸਮਾਂ ਦਿੰਦੇ। ਹੁਣ ਮੁਲਾਜਮਾਂ ਪਾਸ ਵੀ ਏਨਾ ਸਮਾਂ ਨਹੀਂ ਕਿ ਉਹ ਇਹਨਾਂ ਦੇ ਲਾਰਿਆਂ ਵਿੱਚ ਆ ਕੇ ਹੋਰ ਇੰਤਜਾਰ ਕਰਨ। ਇਸ ਲਈ ਮੁਲਾਜ਼ਮ ਮੰਗਾਂ ਮੰਨੇ ਜਾਣ ਦਾ ਤੁਰੰਤ ਐਲਾਨ ਕੀਤਾ ਜਾਵੇ, ਨਹੀਂ ਤਾਂ ਦਫਤਰੀ ਕਾਮੇ 17 ਅਤੇ 18 ਅਗਸਤ, 2026 ਨੂੰ ਕਲਮ ਛੋੜ ਹੜਤਾਲ ਅਤੇ ਕੰਪਿਊਟਰ ਬੰਦ ਹੜਤਾਲ ਕਰਕੇ ਦਫਤਰੀ ਕੰਮ ਮੁਕੰਮਲ ਠੱਪ ਕਰਨਗੇ। ਇਸ ਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੀਟਿੰਗ ਵਿੱਚ ਮਨਿਸਟੀਰੀਅਲ ਸਰਵਿਸਿਜ਼ ਸਿੱਖਿਆ ਵਿਭਾਗ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਖਟੜਾ, ਰਘਬੀਰ ਸਿੰਘ ਬਡਵਾਲ, ਅਨਿਰੁਧ ਮੋਦਗਿਲ, ਪਿੱਪਲ ਸਿੰਘ ਸਿੱਧੂ, ਜਗਦੀਸ਼ ਠਾਕਰ, ਤਜਿੰਦਰ ਸਿੰਘ ਨੰਗਲ, ਗੁਰਪ੍ਰੀਤ ਸਿੰਘ ਖਟੜਾ, ਅਮਿਤ ਅਰੋੜਾ, ਮਨਜਿੰਦਰ ਸਿੰਘ ਸੰਧੂ, ਖ਼ੁਸ਼ਕਰਨਜੀਤ ਸਿੰਘ, ਵਿਨੋਦ ਸਾਗਰ, ਕੀਮਤੀ ਲਾਲ, ਸੰਦੀਪ ਭਾਰਗਵ, ਲਖਵੀਰ ਸਿੰਘ ਗਰੇਵਾਲ, ਨਰਿੰਦਰ ਸਿੰਘ ਚੀਮਾ, ਸੁਨੀਲ ਕੁਮਾਰ, ਜਸਦੀਪ ਸਿੰਘ ਚਾਹਲ, ਪ੍ਰਤਾਪ ਸਿੰਘ, ਜਸਵੰਤ ਸਿੰਘ ਮੌਜੋਂ, ਜੈਮਲ ਸਿੰਘ, ਮੈਨੁਅਲ ਨਾਹਰ, ਅਜੈ ਸਿੱਧੂ, ਮੁੰਹਮਦ ਸ਼ਰੀਫ਼, ਅਮਰਪ੍ਰੀਤ ਸਿੰਘ, ਸੁਖਦੇਵ ਕੰਬੋਜ, ਹਿਤੇਸ਼ ਸ਼ਰਮਾ, ਸੰਦੀਪ ਭੰਬੁਕ, ਪ੍ਰਦੀਪ ਵਿਨਾਇਕ, ਜਗਸੀਰ ਸਿੰਘ, ਗੁਰਮੇਲ ਸਿੰਘ ਵਿਰਕ, ਨਰਿੰਦਰ ਸਿੰਘ ਗਿੱਲ, ਬਰਜਿੰਦਰ ਸਿੰਘ, ਰਾਜਵੀਰ ਸ਼ਰਮਾ, ਅਮਿਤ ਕਟੋਚ, ਸਤੀਸ਼ ਮੂਨਕ, ਗੁਰਸੇਵਕ ਸਿੰਘ ਅਤੇ ਅੰਗਰੇਜ਼ ਸਿੰਘ ਆਦਿ ਸ਼ਾਮਿਲ ਸਨ।

ਆਪਣੇ ਕਾਰੋਬਾਰ ਵਿੱਚ ਵਾਧਾ ਕਰਨ ਅਖਬਾਰ ਵਿੱਚ ਖਬਰ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :-

ਅਦਾਰਾ:- ਧੂਰੀ ਦੀ ਸਵੇਰ (ਡੀ.ਡੀ.ਐਸ ਨਿਊਜ਼)

ਮੁੱਖ ਸੰਪਾਦਕ :- ਸ੍ਰ. ਸੁਖਵਿੰਦਰ ਸਿੰਘ ਪਲਾਹਾ

ਮੋ :- 88376-03742